SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit **punjabipost.ca/epaper** | Vol 24* Issue 148 | Thursday, 15 August 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ


## ਏਅਰ ਕੈਨੇਡਾ ਓਟਾਵਾ-ਲੰਡਨ ਹੀਥਰੋ ਲਈ ਮਾਰਚ ਤੋਂ ਨਾਨ-ਸਟਾਪ ਸੇਵਾ ਕਰੇਗਾ ਸ਼ੁਰੂ

ਓਟਵਾ, 14 ਅਗਸਤ (ਪੋਸਟ ਬਿਊਰੋ): ਓਟਾਵਾ ਦੇ ਯਾਤਰੀ ਅਗਲੇ ਸਪਰਿੰਗ ਤੋਂ ਲੰਡਨ ਦੇ ਹੀਥਰੋ ਹਵਾਈ ਅੱਡੇ ਲਈ ਨਾਨ-ਸਟਾਪ ਉਡਾਨ ਭਰ ਸਕਣਗੇ। ਇਹ ਦੂਜਾ ਵਿਦੇਸ਼ੀ ਡਿਸਟੀਨੇਸ਼ਨ ਹੈ ਜਿੱਥੇ ਕੈਨੇਡਾ ਦੀ ਰਾਜਧਾਨੀ ਤੋਂ ਸਿੱਧੇ ਉਡਾਨ ਭਰੀ ਜਾ ਸਕੇਗੀ।



ਏਅਰ ਕੈਨੇਡਾ ਨੇ ਐਲਾਨ ਕੀਤਾ ਹੈ ਕਿ ਉਹ 31 ਮਾਰਚ, 2025 ਨੂੰ ਓਟਵਾ ਤੋਂ ਲੰਡਨ ਦੇ ਹੀਥਰੋ ਲਈ ਨਾਨ-ਸਟਾਪ ਅੰਤਰਰਾਸ਼ਟਰੀ ਉਡਾਨਾਂ ਸ਼ੁਰੂ ਕਰੇਗਾ।

ਏਅਰ ਕੈਨੇਡਾ ਦੇ ਡਰੀਮਲਾਈਨਰ ਬੇੜੇ ਨਾਲ ਉਡਾਨਾਂ ਹਫ਼ਤੇ ਵਿੱਚ ਚਾਰ ਵਾਰ ਸੰਚਾਲਿਤ ਕੀਤੀ ਜਾਣਗੀਆਂ।

ਸ਼ੇਡਿਊਲ ਅਨੁਸਾਰ, ਉਡਾਨਾਂ ਸੋਮਵਾਰ, ਬੁੱਧਵਾਰ, ਵੀਰਵਾਰ ਅਤੇ ਸ਼ਨੀਵਾਰ ਨੂੰ ਓਟਵਾ ਤੋਂ ਲੰਡਨ ਲਈ ਰਵਾਨਾ ਹੋਣਗੀਆਂ। ਲੰਡਨ ਤੋਂ ਓਟਵਾ ਲਈ ਉਡਾਨਾਂ ਵੀ ਸੋਮਵਾਰ, ਬੁੱਧਵਾਰ, ਵੀਰਵਾਰ ਅਤੇ ਸ਼ਨੀਵਾਰ ਨੂੰ ਰਵਾਨਾ ਹੋਣਗੀਆਂ।

## ਸਾਬਕਾ ਕੰਜ਼ਰਵੇਟਿਵ ਸੰਸਦ ਮੈਂਬਰ ਅਤੇ ਕੈਬਨਿਟ ਮੰਤਰੀ ਚਕ ਸਟਰਾਲ ਦਾ ਦਿਹਾਂਤ

ਵੈਨਕੂਵਰ, 14 ਅਗਸਤ (ਪੋਸਟ ਬਿਊਰੋ): ਪੂਰਵ ਕੰਜ਼ਰਵੇਟਿਵ ਸੰਸਦ ਮੈਂਬਰ ਅਤੇ ਕੈਬਨਿਟ ਮੰਤਰੀ ਚਕ ਸਟਰਾਲ ਦਾ 67 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ ਹੈ।

ਸਟਰਾਲ ਪਹਿਲੀ ਵਾਰ 1993 ਵਿੱਚ ਚੁਣੇ ਗਏ ਸਨ ਅਤੇ 2011 ਵਿੱਚ ਆਪਣੀ ਸੇਵਾਮੁਕਤੀ ਤੱਕ ਚਿਲੀਵਾਕ-ਫਰੇਜਰ ਕੈਂਨਿਨ ਦੇ ਬੀ. ਸੀ. ਰਾਈਡਿੰਗ ਦੀ ਤਰਜਮਾਨੀ ਕਰਦੇ ਰਹੇ।

ਕੰਜ਼ਰਵੇਟਿਵ ਨੇਤਾ ਪੀਅਰੇ ਪੋਲੀਵਰ ਨੇ ਬੁੱਧਵਾਰ ਨੂੰ ਇੱਕ




ਸੋਸ਼ਲ ਮੀਡਿਆ 'ਤੇ ਸਟਰਾਲ ਨੂੰ ਪਿਆਰਾ ਮਿੱਤਰ ਕਿਹਾ।

ਪੋਲੀਵਰ ਨੇ ਕਿਹਾ ਕਿ ਚਕ ਦੀ ਸਾਡੇ ਅੰਦੋਲਨ ਪ੍ਰਤੀ ਅਟੁੱਟ ਪ੍ਰਤੀਬਧਤਾ ਅਤੇ ਕੈਨੇਡਾ ਪ੍ਰਤੀ ਉਨ੍ਹਾਂ ਦਾ ਗਹਿਰਾ ਪਿਆਰ ਉਨ੍ਹਾਂ ਵੱਲੋਂ ਕੀਤੇ ਗਏ ਹਰ ਕੰਮ ਦਾ ਹਿੱਸਾ ਸਨ। ਉਹ ਸਿੱਧਾਂਤਾਂ, ਈਮਾਨਦਾਰੀ ਅਤੇ ਦਿਆਲਤਾ ਵਾਲੇ ਵਿਅਕਤੀ ਸਨ ਅਤੇ ਸਾਡੀ ਕੰਜ਼ਰਵੇਟਿਵ ਪਾਰਟੀ ਦੇ ਸੰਸਥਾਪਕ ਮੈਂਬਰ ਸਨ।

ਸਟਰਾਲ ਨੇ ਸਾਬਕਾ ਪ੍ਰਧਾਨ ਮੰਤਰੀ ਸਟੀਫਨ ਹਾਰਪਰ ਦੀ ਸਰਕਾਰ ਵਿੱਚ ਕਈ ਕੈਬਨਿਟ ਪੋਰਟਫੋਲੀਓ ਸੰਭਾਲੇ। ਇਸ ਵਿੱਚ ਖੇਤੀਬਾੜੀ, ਟ੍ਰਾਂਸਪੋਰਟ ਦੇ ਅਹੁਦੇ ਸ਼ਾਮਿਲ ਸਨ।

## ਐੱਮਆਰਆਈ ਜਾਂ ਸੀਟੀ ਸਕੈਨ ਲਈ ਇੰਤਜ਼ਾਰ ਕਰ ਰਹੇ ਮਰੀਜ਼ਾਂ ਨੂੰ ਪਸ਼ੂ ਹਸਪਤਾਲ ਜਾਣ ਵਾਲੇ ਡੱਗ ਫੋਰਡ ਦੇ ਬਿਆਨ ਦੀ ਵਿਰੋਧੀ ਵੱਲੋਂ ਆਲੋਚਨਾ

ਟੋਰਾਂਟੋ, 14 ਅਗਸਤ (ਪੋਸਟ ਬਿਊਰੋ): ਪ੍ਰੀਮਿਅਰ ਡੱਗ ਫੋਰਡ ਵੱਲੋਂ ਐੱਮਆਰਆਈ ਜਾਂ ਸੀਟੀ ਸਕੈਨ ਲਈ ਇੰਤਜ਼ਾਰ ਕਰ ਰਹੇ ਮਰੀਜ਼ਾਂ ਨੂੰ ਨਵੇਂ ਖੁੱਲ੍ਹੇ ਜਾਨਵਰਾਂ ਦੇ ਹਸਪਤਾਲ ਵਿੱਚ ਭੇਜਣ ਬਾਰੇ ਮਜ਼ਾਕ ਦੀ ਕਵੀਂਜ਼ ਪਾਰਕ ਵਿੱਚ ਵਿਰੋਧੀ ਧਿਰ ਵੱਲੋਂ ਆਲੋਚਨਾ ਕੀਤੀ ਜਾ ਰਹੀ ਹੈ।



ਫੋਰਡ ਨੇ ਮੰਗਲਵਾਰ ਨੂੰ ਕਿੰਗ ਸਿਟੀ, ਓਂਟਾਰੀਓ ਵਿੱਚ ਕਿੰਗ ਐਨੀਮਲ ਹਸਪਤਾਲ ਦੇ ਉਦਘਾਟਨ ਮੌਕੇ ਇਹ ਟਿੱਪਣੀ ਕੀਤੀ, ਜੋ ਇੱਕ ਨਿੱਜੀ ਵੈਟਰਨਰੀ ਸਹੂਲਤ ਹੈ। ਫੋਰਡ ਨੇ ਕਿਹਾ ਸੀ ਕਿ ਅਜਿਹਾ ਲੱਗਦਾ ਹੈ ਕਿ ਅਸੀ ਜਾਣਦੇ ਹਾਂ ਕਿ ਹੁਣ ਅਸੀ ਐੱਮਆਰਆਈ ਅਤੇ ਸੀਟੀ ਸਕੈਨ ਅਤੇ ਹੋਰ ਸਾਰੇ ਚੀਜ਼ਾਂ ਲਈ ਬਹੁਤ-ਇਤ ਵਾਲੇ ਮਰੀਜ਼ਾਂ ਨੂੰ ਕਿਥੇ ਭੇਜ ਸਕਦੇ ਹਾਂ, ਇਸ ਲਈ ਕੁੱਝ ਹੋਰ ਮਰੀਜ਼ਾਂ ਲਈ ਇੱਕ ਵਾਧੂ ਕਮਰਾ ਰੱਖੋ। ਹਾਲਾਂਕਿ , ਵਿਰੋਧੀ ਧਿਰ ਨੂੰ ਇਹ ਮਜ਼ਾਕ ਪਸੰਦ ਨਹੀਂ ਆਇਆ।

...ਬਾਕੀ ਪੰਨਾ 2 'ਤੇ


MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2


Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
*Providing excellent quality legal services to our clients*

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598



## ਅੱਜ ਨਾਮਾ

ਦੋਆਬੇ ਵਿੱਚ ਵਿਧਾਇਕ ਸੀ ਮਸਾਂ ਇੱਕੋ,
ਉਹ ਵੀ ਗਿਆ ਸੁਖਬੀਰ ਨੂੰ ਛੋੜ ਮੀਆਂ।
ਮਾਲਵੇ ਵਿੱਚ ਵੀ ਮਸਾਂ ਵਿਧਾਇਕ ਇੱਕੋ,
ਪਾਰਟੀ ਨਾਲ ਨਹੀਂ ਓਸ ਦਾ ਜੋੜ ਮੀਆਂ।
ਜੀਹਦਾ ਆਪਣਾ ਕਿਲ੍ਹਾ ਮਜ਼ਬੂਤ ਓਧਰ,
ਉਹਨੂੰ ਪਾਰਟੀ ਦੀ ਕਾਹਦੀ ਲੋੜ ਮੀਆਂ।
ਮਾਝੇ ਵਿੱਚ ਵੀ ਇੱਕ ਵਿਧਾਇਕ ਬੇਸ਼ੱਕ,
ਸਕਣਾ ਉਹ ਨਹੀਂ ਕਿਸੇ ਨੇ ਤੋੜ ਮੀਆਂ।
ਹਾਲਤ ਚੰਗੀ ਤੇ ਭਾਵੇਂ ਨਹੀਂ ਪਾਰਟੀ ਦੀ,
ਹੁੰਦਾ ਜਾਵੇ ਪਿਆ ਹੋਰ ਨੁਕਸਾਨ ਮੀਆਂ।
ਕਰਦੇ ਚਰਚਾ ਜੇ ਲੋਕ ਤਾਂ ਕਰਨ ਭਾਵੇਂ,
ਚਿੰਤਾ ਕਰਦਾ ਨਹੀਂ ਰਤਾ ਪ੍ਰਧਾਨ ਮੀਆਂ।

**ਤੀਸ ਮਾਰ ਖਾਂ**

# ਮੁੱਖ ਮੰਤਰੀ ਦੀ ਅਗਵਾਈ ਵਿੱਚ ਵਜ਼ਾਰਤ ਵੱਲੋਂ 16ਵੀਂ ਪੰਜਾਬ ਵਿਧਾਨ ਸਭਾ ਦਾ ਸੱਤਵਾਂ ਸੈਸ਼ਨ 2 ਤੋਂ 4 ਸਤੰਬਰ ਤੱਕ ਸੱਦਣ ਦੀ ਪ੍ਰਵਾਨਗੀ

## ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਫੈਸਲਾ



ਚੰਡੀਗੜ੍ਹ, 14 ਅਗਸਤ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਕੈਬਨਿਟ ਨੇ 16ਵੀਂ ਪੰਜਾਬ ਵਿਧਾਨ ਸਭਾ ਦਾ ਸੱਤਵਾਂ ਸੈਸ਼ਨ 2 ਤੋਂ 4 ਸਤੰਬਰ ਤੱਕ ਸੱਦਣ ਦੀ ਪ੍ਰਵਾਨਗੀ ਦੇ ਦਿੱਤੀ।

ਇੱਥੇ ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਫੈਸਲਾ ਅੱਜ ਮੁੱਖ ਮੰਤਰੀ ਦੀ ਅਗਵਾਈ ਹੇਠ ਉਨ੍ਹਾਂ ਦੀ ਅਧਿਕਾਰਕ ਰਿਹਾਇਸ਼ 'ਤੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਵਿਧਾਨ ਸਭਾ ਸੈਸ਼ਨ ਦੀ ਸ਼ੁਰੂਆਤ 2 ਸਤੰਬਰ ਨੂੰ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕਰਨ ਨਾਲ ਹੋਵੇਗੀ ਅਤੇ ਬਾਕੀ ਤਿੰਨ ਦਿਨਾਂ ਕੰਮਕਾਜ ਦਾ ਫੈਸਲਾ ਬਿਜ਼ਨਸ ਐਡਵਾਈਜ਼ਰੀ ਕਮੇਟੀ ਵੱਲੋਂ ਜਲਦੀ ਕੀਤਾ ਜਾਵੇਗਾ।

### ਐਨ.ਓ.ਸੀ. ਦੀ ਸ਼ਰਤ ਨੂੰ ਸਿਧਾਂਤਕ ਤੌਰ 'ਤੇ ਖ਼ਤਮ ਕਰਨ ਨੂੰ ਹਰੀ ਝੰਡੀ

ਮੰਤਰੀ ਮੰਡਲ ਨੇ ਜ਼ਮੀਨ-ਜਾਇਦਾਦ ਦੀ ਰਜਿਸਟਰੇਸ਼ਨ ਲਈ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਦੀ ਸ਼ਰਤ ਨੂੰ ਸਿਧਾਂਤਕ ਤੌਰ ਉਤੇ ਖ਼ਤਮ ਕਰਨ ਦੀ ਸਹਿਮਤੀ ਦੇ ਦਿੱਤੀ। ਇਸ ਮਾਮਲੇ ਨੂੰ ਜਲਦੀ ਹੋਣ ਵਾਲੀ ਕੈਬਨਿਟ ਦੀ ਅਗਲੀ ਮੀਟਿੰਗ ਵਿੱਚ ਲਿਆਂਦਾ ਜਾਵੇਗਾ। ਇਸ ਫੈਸਲੇ ਦਾ ਇਕੋ-ਇਕ ਮੰਤਵ ਆਮ ਜਨਤਾ ਨੂੰ ਸਹੂਲਤ ਦੇਣਾ ਹੈ ਕਿਉਂਕਿ ਗੈਰ ਕਾਨੂੰਨੀ ਕਾਲੋਨਾਈਜ਼ਰ ਸਬਜ਼ਬਾਗ ਦਿਖਾ ਕੇ ਲੋਕਾਂ ਨੂੰ ਲੁੱਟਦੇ ਹਨ ਅਤੇ ਉਨ੍ਹਾਂ ਨੂੰ ਬਿਨਾਂ ਪ੍ਰਵਾਨਗੀ ਵਾਲੀਆਂ ਕਲੋਨੀਆਂ ਵੇਚ ਦਿੰਦੇ ਹਨ। ਬਾਅਦ ਵਿੱਚ ਇਨ੍ਹਾਂ ਕਾਲੋਨੀਆਂ ਵਿੱਚ ਰਹਿੰਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਲਈ ਇੱਧਰ-ਉੱਧਰ ਭਟਕਣਾ ਪੈਂਦਾ ਹੈ।

### ਪੰਜਾਬ ਫਾਇਰ ਸੇਫ਼ਟੀ ਤੇ ਐਮਰਜੈਂਸੀ ਸੇਵਾਵਾਂ ਬਿੱਲ, 2024 ਨੂੰ ਪ੍ਰਵਾਨਗੀ

ਮੰਤਰੀ ਮੰਡਲ ਨੇ ਪੰਜਾਬ ਫਾਇਰ ਸੇਫ਼ਟੀ ਤੇ ਐਮਰਜੈਂਸੀ ਸੇਵਾਵਾਂ ਬਿੱਲ, 2024 ਨੂੰ ਵੀ ਮਨਜ਼ੂਰੀ ਦੇ ਦਿੱਤੀ। 2012 ਦੇ ਬਣੇ ਇਸ ਐਕਟ ਵਿੱਚ ਸੋਧ ਦੀ ਲੋੜ ਸੀ ਕਿਉਂਕਿ ਇਹ ਐਕਟ ਮੌਜੂਦਾ ਸੰਦਰਭ ਵਿੱਚ ਅੱਗ ਬੁਝਾਉਣ ਨਾਲ ਸਬੰਧਤ ਕੰਮ ਦੀਆਂ ਲੋੜਾਂ ਨੂੰ ਪੂਰਾ ਕਰਨ ਦੇ ਯੋਗ ਨਹੀਂ ਸੀ। ਇਸ ਤਜਵੀਜ਼ਤ ਬਿੱਲ ਦੇ ਕਾਨੂੰਨ ਬਣਨ ਮਗਰੋਂ ਪੰਜਾਬ ਵਿੱਚ ਇਮਾਰਤਾਂ ਦੇ ਮਾਲਕਾਂ ਤੇ ਕਾਬਜ਼ਧਾਰਕਾਂ ਨੂੰ ਵੱਡੀ ਰਾਹਤ ਮਿਲੇਗੀ ਕਿਉਂਕਿ ਉਨ੍ਹਾਂ ਨੂੰ ਸਾਲਾਨਾ ਫਾਇਰ ਸੇਫ਼ਟੀ ਸਰਟੀਫਿਕੇਟ ਲੈਣ ਦੀ ਥਾਂ ਹੁਣ ਤਿੰਨ ਸਾਲਾਂ ਮਗਰੋਂ ਸਰਟੀਫਿਕੇਟ ਲੈਣਾ ਪਵੇਗਾ।

ਇਸ ਸਬੰਧੀ ਕੇਸਾਂ ਨਾਲ ਇਮਾਰਤਾਂ ਦੀ ਘੱਟ, ਦਰਮਿਆਨੇ ਤੇ ਜ਼ਿਆਦਾ ਜ਼ੋਖਿਮ ਵਾਲੀਆਂ ਸ਼੍ਰੇਣੀਆਂ ਮੁਤਾਬਕ ਵੰਡ ਕੀਤੀ ਜਾਵੇਗੀ। ਇਸ ਬਿੱਲ ਵਿੱਚ ਅੱਗ ਦੇ ਜ਼ੋਖਿਮ ਤੇ ਹੋਰ ਖ਼ਤਰਿਆਂ ਵਿਰੁੱਧ ਲੋਕਾਂ ਦੇ ਬੀਮੇ ਦੀ ਵੀ ਤਜਵੀਜ਼ ਹੋਵੇਗੀ। ਇਹ ਬਿੱਲ ਫਾਇਰ ਬ੍ਰਿਗੇਡ ਵਿਭਾਗ ਦੇ ਕੰਮਕਾਜ ਵਿੱਚ ਵਧੇਰੇ ਕਾਰਜਕੁਸ਼ਲਤਾ ਲਿਆਵੇਗਾ ਅਤੇ ਪੰਜਾਬ ਵਿੱਚ ਸ਼ਹਿਰੀ ਦੇ ਨਾਲ-ਨਾਲ ਪੇਂਡੂ ਇਲਾਕਿਆਂ ਵਿੱਚ ਵਧੀਆ ਤਰੀਕੇ ਨਾਲ ਫਾਇਰ ਬ੍ਰਿਗੇਡ ਤੇ ਐਮਰਜੈਂਸੀ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਮਦਦਗਾਰ ਹੋਵੇਗਾ।

### ਸੱਤ ਗ੍ਰਾਮ ਨਿਆਲਿਆ ਵਿੱਚ 49 ਆਸਾਮੀਆਂ ਸਿਰਜਣ ਦਾ ਫੈਸਲਾ

ਕੈਬਨਿਟ ਨੇ ਸੱਤ ਗ੍ਰਾਮ ਨਿਆਲਿਆ ਪਾਂਤੜਾ (ਪਟਿਆਲਾ), ਤਪਾ (ਬਰਨਾਲਾ), ਬੱਸੀ ਪਠਾਣਾਂ (ਫਤਹਿਗੜ੍ਹ ਸਾਹਿਬ), ਡੇਰਾ ਬਾਬਾ ਨਾਨਕ (ਗੁਰਦਾਸਪੁਰ), ਧਾਰ ਕਲਾਂ (ਪਠਾਨਕੋਟ), ਰਾਏਕੋਟ (ਲੁਧਿਆਣਾ) ਅਤੇ ਚਮਕੌਰ ਸਾਹਿਬ (ਰੂਪਨਗਰ) ਲਈ 49 ਅਸਾਮੀਆਂ ਸਿਰਜਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਇਹ ਗ੍ਰਾਮ ਨਿਆਲਿਆ ਸਥਾਪਤ ਕਰਨ ਦਾ ਮੰਤਵ ਦੇਸ਼ ਦੇ ਹਰੇਕ ਨਾਗਰਿਕ ਦੀ ਨਿਆਂ ਤੱਕ ਆਸਾਨ ਪਹੁੰਚ ਯਕੀਨੀ ਬਣਾਉਣਾ ਹੈ। ਹੋਰ ਨਵੇਂ ਸਥਾਪਤ ਹੋਣ ਵਾਲੇ ਗ੍ਰਾਮ ਨਿਆਲਿਆ ਲੋਕਾਂ ਨੂੰ ਘਰਾਂ ਨੇੜੇ ਕਿਫ਼ਾਇਤੀ ਦਰਾਂ ਉਤੇ ਇਨਸਾਫ਼ ਯਕੀਨੀ ਬਣਾਉਣ ਦੇ ਨਾਲ-ਨਾਲ ਅਦਾਲਤਾਂ ਤੋਂ ਕੰਮ ਦੇ ਬੋਝ ਨੂੰ ਵੀ ਘਟਾਉਣਗੇ।

### ਪੰਜਾਬ ਵਿੱਚ ਰਜਿਸਟਰਡ ਟੂਰਿਸਟ ਵਾਹਨਾਂ ਉਤੇ ਮੋਟਰ ਵਾਹਨ ਟੈਕਸ ਘਟਾਇਆ

ਮੰਤਰੀ ਮੰਡਲ ਨੇ ਪੰਜਾਬ ਵਿੱਚ ਰਜਿਸਟਰਡ ਟੂਰਿਸਟ ਵਾਹਨਾਂ ਉਤੇ ਮੋਟਰ ਵਾਹਨ ਟੈਕਸ ਵੀ ਘਟਾ ਦਿੱਤਾ। ਗੁਆਂਢੀ ਸੂਬਿਆਂ ਦੇ ਮੁਕਾਬਲੇ ਪੰਜਾਬ ਵਿੱਚ ਰਜਿਸਟਰਡ ਵਾਹਨਾਂ ਉਤੇ ਪਹਿਲਾਂ ਕਾਫ਼ੀ ਜ਼ਿਆਦਾ ਟੈਕਸ ਲੱਗਦਾ ਸੀ, ਜਿਸ ਕਾਰਨ ਪੰਜਾਬ ਵਿੱਚ ਟੂਰਿਸਟ ਵਾਹਨਾਂ ਦੀ ਰਜਿਸਟਰੇਸ਼ਨ ਬਹੁਤ ਘੱਟ ਹੁੰਦੀ ਸੀ ਪਰ ਹੁਣ ਇਸ ਕਦਮ ਨਾਲ ਇਸ ਰੁਝਾਨ ਨੂੰ ਠੱਲ੍ਹ ਪਵੇਗੀ ਅਤੇ ਸੂਬੇ ਦਾ ਮਾਲੀਆ ਵਧੇਗਾ। ਕੈਬਨਿਟ ਨੇ ਲਗਜ਼ਰੀ ਵਾਹਨਾਂ ਦੀ ਇਕ ਹੋਰ ਸ਼੍ਰੇਣੀ ਉਤੇ ਵਾਧੂ ਰੋਡ ਟੈਕਸ ਲਾਉਣ ਦੀ ਵੀ ਸਹਿਮਤੀ ਦਿੱਤੀ, ਜਿਸ ਨਾਲ 87.03 ਕਰੋੜ ਰੁਪਏ ਦੀ ਜ਼ਿਆਦਾ ਆਮਦਨ ਹੋਵੇਗੀ। ਕੈਬਨਿਟ ਨੇ ਵਾਤਾਵਰਨ ਪ੍ਰਦੂਸ਼ਣ ਦੀ ਰੋਕਥਾਮ ਲਈ ਪੰਜਾਬ ਵਿੱਚ ਰਜਿਸਟਰਡ ਪੁਰਾਣੇ ਟਰਾਂਸਪੋਰਟ/ਗ਼ੈਰ ਟਰਾਂਸਪੋਰਟ ਵਾਹਨਾਂ ਉਤੇ ਗਰੀਨ ਟੈਕਸ ਲਾਉਣ ਦਾ ਵੀ ਫੈਸਲਾ ਕੀਤਾ ਹੈ।

### ਪੰਜਾਬ ਪਾਰਟਨਰਸ਼ਿਪ (ਰਜਿਸਟਰੇਸ਼ਨ ਆਫ਼ ਫਰਮਜ਼) ਨਿਯਮ, 1932 ਵਿੱਚ ਸੋਧ ਨੂੰ ਮਨਜ਼ੂਰੀ

ਕੈਬਨਿਟ ਨੇ ਪੰਜਾਬ ਸਰਕਾਰ ਦੇ ਗਜ਼ਟ ਵਿੱਚ 12 ਜੁਲਾਈ 2022 ਨੂੰ ਪ੍ਰਕਾਸ਼ਤ ਇੰਡੀਅਨ ਪਾਰਟਨਰਸ਼ਿਪ ਐਕਟ (ਪੰਜਾਬ ਸੋਧ) ਐਕਟ 2021 ਅਧੀਨ 1932 ਦੇ ਐਕਟ ਵਿੱਚ ਕੀਤੀਆਂ ਸੋਧਾਂ ਦੀ ਤਰਜ਼ ਉਤੇ ਭਾਰਤੀ ਪਾਰਟਨਰਸ਼ਿਪ ਐਕਟ, 1932 ਦੀ ਧਾਰਾ 71(1) ਅਧੀਨ ਸ਼ਡਿਊਲ-1 ਵਿੱਚ ਸ਼ਾਮਲ ਸੇਵਾਵਾਂ ਲਈ ਸੋਧੀਆਂ ਫੀਸਾਂ ਲਾਗੂ ਕਰਨ ਵਾਸਤੇ ਪੰਜਾਬ ਪਾਰਟਨਰਸ਼ਿਪ (ਰਜਿਸਟਰੇਸ਼ਨ ਆਫ਼ ਫਰਮਜ਼) ਨਿਯਮ 1932 ਵਿੱਚ ਸੋਧ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਪੰਜਾਬ ਪਾਰਟਨਰਸ਼ਿਪ (ਰਜਿਸਟਰੇਸ਼ਨ ਆਫ਼ ਫਰਮਜ਼) ਨਿਯਮ 1932 ਦੇ ਨਿਯਮ 11(ਏ) ਵਿੱਚ ਇਹ ਸੋਧਾਂ ਪੰਜਾਬ ਵਿੱਚ ਸੋਧੀਆਂ ਫੀਸਾਂ ਲਾਗੂ ਕਰਨ ਦਾ ਰਾਹ ਪੱਧਰਾ ਕਰਨਗੀਆਂ।

### ਯੁਵਕ ਸੇਵਾਵਾਂ ਨੀਤੀ 2024 ਨੂੰ ਸਹਿਮਤੀ

ਮੰਤਰੀ ਮੰਡਲ ਨੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਨੌਜਵਾਨਾਂ ਦੀ ਭਲਾਈ ਲਈ ਤਿਆਰ ਕੀਤੀ ਯੁਵਕ ਸੇਵਾਵਾਂ ਨੀਤੀ-2024 ਨੂੰ ਹਰੀ ਝੰਡੀ ਦੇ ਦਿੱਤੀ ਹੈ। ਇਸ ਨੀਤੀ ਦਾ ਉਦੇਸ਼ ਜਿੱਥੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਹੈ, ਉਥੇ ਹੀ ਉਨ੍ਹਾਂ ਦੀ ਅਥਾਹ ਊਰਜਾ ਨੂੰ ਸਾਕਾਰਾਤਮਕ ਦਿਸ਼ਾ ਵਿੱਚ ਲਾਉਣਾ ਹੈ। ਇਹ ਨੀਤੀ ਨੌਜਵਾਨਾਂ ਨੂੰ ਸਮਾਜਿਕ ਭਲਾਈ ਗਤੀਵਿਧੀਆਂ ਦੇ ਨਾਲ-ਨਾਲ ਉਨ੍ਹਾਂ ਦੇ ਹੁਨਰ ਨੂੰ ਨਿਖਾਰਨ ਲਈ ਸਹਾਈ ਹੋਵੇਗੀ। ਇਹ ਨੀਤੀ ਨੌਜਵਾਨਾਂ ਨੂੰ ਖੇਡਾਂ, ਸੱਭਿਆਚਾਰਕ ਸਰਗਰਮੀਆਂ ਦੇ ਨੇਕ ਕਾਰਜ ਲਈ ਉਤਸ਼ਾਹਤ ਕਰੇਗੀ।

### ਸਪੋਰਟਸ ਰੈਗੂਲਰ ਕਾਡਰ ਸਰਵਿਸ ਵਿੱਚ ਸੋਧ ਦਾ ਫੈਸਲਾ

ਮੰਤਰੀ ਮੰਡਲ ਨੇ ਖੇਡ ਵਿਭਾਗ ਦੇ 'ਦਾ ਆਊਟਸਟੈਂਡਿਗ ਸਪੋਰਟਸ ਪਰਸਨਜ਼ ਸਰਵਿਸ ਰੂਲਜ਼' ਤਿਆਰ ਕਰਕੇ ਇਸ ਰਾਹੀਂ ਸਪੋਰਟਸ ਰੈਗੂਲਰ ਕਾਡਰ ਸਰਵਿਸ ਰੂਲਜ਼ ਵਿੱਚ ਸੋਧ ਕਰਨ ਦੀ ਮਨਜ਼ੂਰੀ ਦਿੱਤੀ ਹੈ। ਇਹ ਫੈਸਲਾ ਖੇਡ ਵਿਭਾਗ ਵਿੱਚ ਸ਼ਾਨਦਾਰ ਖੇਡ ਪ੍ਰਤਿਭਾ ਵਾਲੇ ਖਿਡਾਰੀਆਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰੇਗਾ। ਇਸੇ ਤਰ੍ਹਾਂ ਮੰਤਰੀ ਮੰਡਲ ਨੇ ਖਿਡਾਰੀਆਂ ਨੂੰ ਮੈਡੀਕਲ ਸਹਾਇਤਾ ਪ੍ਰਦਾਨ ਕਰਨ ਲਈ 'ਪੰਜਾਬ ਸਪੋਰਟਸ ਮੈਡੀਕਲ ਕਾਡਰ ਸਰਵਿਸ ਰੂਲਜ਼' ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ।

### ਗੈਰ-ਜੰਗਲਾਤ ਵਾਲੀ ਸਰਕਾਰੀ ਤੇ ਜਨਤਕ ਜ਼ਮੀਨ-2024 ਲਈ ਰੁੱਖ ਸੰਭਾਲ ਨੀਤੀ ਨੂੰ ਹਰੀ ਝੰਡੀ

ਮੰਤਰੀ ਮੰਡਲ ਨੇ ਗੈਰ-ਜੰਗਲਾਤ ਵਾਲੀ ਸਰਕਾਰੀ ਤੇ ਜਨਤਕ ਜ਼ਮੀਨ-2024 ਲਈ ਰੁੱਖ ਸੰਭਾਲ ਨੀਤੀ ਨੂੰ ਹਰੀ ਝੰਡੀ ਦੇ ਦਿੱਤੀ ਹੈ। ਪੰਜਾਬ ਇਕ ਖੇਤੀ ਪ੍ਰਧਾਨ ਸੂਬਾਹੈ ਜਿਸ ਦਾ 83 ਫੀਸਦੀ ਖੇਤਰ ਖੇਤੀ ਹੇਠ ਹੈ। ਪੰਜਾਬ ਵਿੱਚ ਜੰਗਲਾਤ ਅਤੇ ਰੁੱਖਾਂ ਹੇਠ ਕੁੱਲ 5.92 ਫੀਸਦੀ ਇਲਾਕਾ ਹੈ ਅਤੇ ਪੰਜਾਬ ਸਰਕਾਰ ਨੇ ਸਾਲ 2030 ਤੱਕ ਇਹ ਰਕਬਾ ਵਧਾ ਕੇ 7.5 ਫੀਸਦੀ ਕਰਨ ਦਾ ਟੀਚਾ ਮਿੱਥਿਆ ਹੈ। ਇਸ ਨੀਤੀ ਦਾ ਮੁੱਖ ਉਦੇਸ਼ ਗੈਰ-ਜੰਗਲਾਤ ਵਾਲੀ ਸਰਕਾਰ ਅਤੇ ਜਨਤਕ ਜ਼ਮੀਨ ਵਿੱਚ ਖੜ੍ਹੇ ਰੁੱਖਾਂ ਨੂੰ ਢੁਕਵੀਂ ਸੁਰੱਖਿਆ ਪ੍ਰਦਾਨ ਕਰਨਾ ਹੈ ਅਤੇ ਬੂਟੇ ਲਾ ਕੇ ਵਾਤਾਵਰਣ ਦੇ ਨੁਕਸਾਨ ਦੀ ਭਰਪਾਈ ਲਈ ਢੁਕਵੀਂ ਵਿਵਸਥਾ ਮੁਹੱਈਆ ਕਰਨਾ ਹੈ।

ਇਸ ਨੀਤੀ ਮੁਤਾਬਕ ਸਬੰਧਤ ਵਿਭਾਗ ਆਪਣੀ ਜ਼ਮੀਨ ਵਿੱਚ ਖੜ੍ਹੇ ਰੁੱਖਾਂ ਦਾ ਅੰਕੜਾ ਤਿਆਰ ਕਰੇਗਾ ਅਤੇ ਇਨ੍ਹਾਂ ਨੂੰ ਬਚਾਉਣ ਲਈ ਆਨਲਾਈਨ ਪੋਰਟਲ/ਮੋਬਾਈਲ ਐਪ ਰਾਹੀਂ ਦਸਤਾਵੇਜ਼ੀ ਰੱਖਿਆ ਜਾਵੇਗਾ। ਇਹ ਨੀਤੀ ਸੂਬਾ ਸਰਕਾਰ ਦੇ ਵਿਭਾਗਾਂ, ਸਾਰੀਆਂ ਸਰਕਾਰੀ ਸੰਸਥਾਵਾਂ, ਸਥਾਨਕ ਸਰਕਾਰਾਂ ਅਤੇ ਪੰਚਾਇਤੀ ਜ਼ਮੀਨ ਵਿੱਚ ਗੈਰ-ਜੰਗਲਾਤ ਵਾਲੀ ਸਾਰੀ ਜ਼ਮੀਨ ਉਤੇ ਲਾਗੂ ਰਹੇਗੀ। ਇਸ ਫੈਸਲੇ ਮੁਤਾਬਕ ਰੁੱਖਾਂ ਨੂੰ ਵੱਢਣ ਜਾਂ ਨਵੇਂ ਬੂਟੇ ਲਾਉਣ ਬਾਰੇ ਫੈਸਲਾ ਇਸ ਸਬੰਧੀ ਸਬ-ਡਵੀਜ਼ਨ/ਜ਼ਿਲ੍ਹਾ ਅਤੇ ਸੂਬਾ ਪੱਧਰ ਉਤੇ ਬਣੀਆਂ ਕਮੇਟੀਆਂ ਵੱਲੋਂ ਲਿਆ ਜਾਵੇਗਾ। ਇਸ ਨੀਤੀ ਨਾਲ ਬੂਟਿਆਂ ਤੋਂ ਕੁਝ ਮਾਲੀਆ ਵੀ ਪੈਦਾ ਹੋਵੇਗਾ ਅਤੇ ਸੂਬੇ ਭਰ ਵਿੱਚ ਖਾਸ ਕਰਕੇ ਸ਼ਹਿਰੀ ਖੇਤਰਾਂ ਵਿੱਚ ਹਰਿਆਲੀ ਨੂੰ ਮਹਿਫੂਜ਼ ਰੱਖਣ ਵੀ ਮਦਦ ਹੋਵੇਗੀ।

### ਜਲ ਸਰੋਤ ਵਿਭਾਗ ਦੀ ਪ੍ਰਬੰਧਕੀ ਰਿਪੋਰਟ ਨੂੰ ਹਰੀ ਝੰਡੀ

ਮੰਤਰੀ ਮੰਡਲ ਨੇ ਸਾਲ 2022-23 ਲਈ ਜਲ ਸਰੋਤ ਵਿਭਾਗ ਦੀ ਪ੍ਰਬੰਧਕੀ ਰਿਪੋਰਟ ਨੂੰ ਵੀ ਹਰੀ ਝੰਡੀ ਦੇ ਦਿੱਤੀ ਹੈ।

### ਸਹਿਕਾਰੀ ਵਿਭਾਗ ਦੀ ਵਿਧਾਨਕ ਆਡਿਟ ਰਿਪੋਰਟ ਨੂੰ ਮਨਜ਼ੂਰੀ

ਮੰਤਰੀ ਮੰਡਲ ਨੇ ਸਹਿਕਾਰਤਾ ਵਿਭਾਗ ਦੀ ਸਾਲ 2019-2020 ਦੀ ਵਿਧਾਨਿਕ ਆਡਿਟ ਰਿਪੋਰਟ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ।

...ਬਾਕੀ ਪੰਨਾ 5 'ਤੇ

# ਐੱਮਆਰਆਈ ਜਾਂ ਸੀਟੀ ਸਕੈਨ ਲਈ ਇੰਤਜ਼ਾਰ ਕਰ ਰਹੇ ਮਰੀਜ਼ਾਂ ਨੂੰ ਪਸ਼ੂ ਹਸਪਤਾਲ ਜਾਣ ਵਾਲੇ ਡੱਗ ਫੋਰਡ ਦੇ ਬਿਆਨ ਦੀ ਵਿਰੋਧੀ ਵੱਲੋਂ ਆਲੋਚਨਾ

ਪੰਨਾ 1 ਦਾ ਬਾਕੀ

ਡਾਨ ਵੈਲੀ ਈਸਟ ਦੇ ਐੱਮਪੀਪੀ ਅਤੇ ਓਂਟਾਰੀਓ ਲਿਬਰਲ ਕਰਿਟਿਕ ਫਾਰ ਹੈਲਥ ਡਾ. ਆਦਿਲ ਸ਼ਾਮਜੀ ਨੇ ਕਿਹਾ ਕਿ ਡੱਗ ਫੋਰਡ ਦਾ ਇਹ ਮਜ਼ਾਕ ਕਰਨਾ ਬਹੁਤ ਕੁੱਝ ਜ਼ਾਹਰ ਕਰਦਾ ਹੈ। ਇਸਤੋਂ ਪਤਾ ਚੱਲਦਾ ਹੈ ਕਿ ਓਂਟਾਰੀਓ ਦੀ ਸਿਹਤ ਸੇਵਾ ਪ੍ਰਣਾਲੀ ਦੀ ਭਿਆਨਕ ਹਾਲਤ ਉਨ੍ਹਾਂ ਲਈ ਹਾਸੇ ਦਾ ਵਿਸ਼ਾ ਹੈ।

ਪਿਛਲੇ ਸਾਲ ਹੀ ਐੱਮਆਰਆਈ ਅਤੇ ਸੀਟੀ ਸਕੈਨ ਦੇ ਇੰਤਜ਼ਾਰ ਵਿੱਚ ਲੱਗਭੱਗ 10 ਹਜ਼ਾਰ ਓਂਟਾਰੀਓ ਵਾਸੀ ਮਰ ਗਏ ਅਤੇ ਓਂਟਾਰੀਓ ਦੇ ਪ੍ਰੀਮੀਅਰ ਨੇ ਮਜ਼ਾਕ ਵਿੱਚ ਕਿਹਾ ਕਿ ਹਾਲੇ ਵੀ ਇੰਤਜ਼ਾਰ ਕਰ ਰਹੇ ਲੱਖਾਂ ਮਰੀਜ਼ਾਂ ਨੂੰ ਵੈਟਰਨਰੀ ਕਲੀਨਕ ਵਿੱਚ ਜਾਨਵਰਾਂ ਦੀ ਤਰ੍ਹਾਂ ਕਤਾਰ ਵਿੱਚ ਲੱਗਣਾ ਚਾਹੀਦਾ ਹੈ।

ਲਿਬਰਲ ਲੀਡਰ ਬੋਨੀ ਕ੍ਰੋਂਬੀ ਨੂੰ ਵੀ ਫੋਰਡ ਦੇ ਇਸ ਮਜ਼ਾਕ ਵਿੱਚ ਕੋਈ ਹਾਸਰਸ ਵਾਲੀ ਗੱਲ ਨਹੀਂ ਮਿਲੀ ਅਤੇ ਉਨ੍ਹਾਂ ਨੇ ਇਸਨੂੰ ਅਪਮਾਨਜਨਕ ਕਿਹਾ।

ਕ੍ਰੋਂਬੀ ਨੇ ਐਕਸ 'ਤੇ ਲਿਖਿਆ ਕਿ ਸਾਡੇ ਹੈਲਥਕੇਅਰ ਸਿਸਟਮ ਨੂੰ ਵੇਚਣ ਅਤੇ ਨਿੱਜੀ ਬਣਾਉਣ ਦੇ ਆਪਣੇ ਏਜੰਡੇ ਨੂੰ ਠੀਕ ਠਹਿਰਾਉਣ ਲਈ ਛੇ ਸਾਲ ਤੱਕ ਜਾਣਬੁੱਝਕੇ ਘੱਟ ਫੰਡ ਦੇਣ ਤੋਂ ਬਾਅਦ, ਫੋਰਡ ਹੁਣ ਮਜ਼ਾਕ ਕਰ ਰਹੇ ਹਨ ਕਿ ਜੇਕਰ ਤੁਸੀ ਐੱਮਆਰਆਈ ਦਾ ਇੰਤਜਾਰ ਕਰ ਰਹੇ ਹੋ, ਤਾਂ ਤੁਹਾਨੂੰ ਬਸ ਇੱਕ ਵੈਟਰਨਰੀ ਕਲੀਨਿਕ ਜਾਣਾ ਚਾਹੀਦਾ ਹੈ।

ਯਾਰਕ ਸਾਊਥ-ਵੇਸਟਨ ਦੇ ਸਾਬਕਾ ਐੱਨਡੀਪੀ ਐੱਮਪੀਪੀ ਫੈਸਲ ਹਸਨ ਨੇ ਫੋਰਡ ਦੀ ਟਿੱਪਣੀ ਨੂੰ ਹੈਰਾਨ ਕਰਨ ਵਾਲਾ ਕਿਹਾ ਹੈ। ਹਸਨ ਨੇ ਐਕਸ 'ਤੇ ਕਿਹਾ ਕਿ ਇੱਕ ਪ੍ਰੀਮੀਅਰ ਦੇ ਰੂਪ ਵਿੱਚ, ਉਨ੍ਹਾਂ ਦਾ ਕਰਤੱਵ ਹੈ ਕਿ ਉਹ ਸਿਸਟਮ ਦੀਆਂ ਚੁਣੌਤੀਆਂ ਨਾਲ ਸਿੱਧੇ ਨਿਪਟਨ , ਨਾ ਕਿ ਮਰੀਜ਼ਾਂ ਅਤੇ ਹੈਲਥਕੇਅਰ ਕਰਮਚਾਰੀਆਂ ਦੇ ਸੰਘਰਸ਼ਾਂ ਨੂੰ ਘੱਟ ਨਾ ਸਮਝਣ।


TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

Harcharan S. Grover
Chartered Accountant

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ



Call for Professional Advice
905.247.0193
info@grovercpa.ca
GroVerCPA Professional Corporation


214-7895 Tranmere Drive, Mississauga ON L5S 1V9



Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net



ਬਰਾੜ ਗਰਾਜ ਡੋਰ



ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS



We Install
Garage Door Openers

ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com



ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ

Super Visa



- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also

Sponsor Your Family

MacroGlobal Immigration Services Ltd.
Seema Bhayana
ICCRC



Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



SherGill Law Firm
Barrister, Solicitor & Notary Public

Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters

Paramjit Singh Gill
(MBA,LL.B.)
Tel: 905-790-3636



2565 Steeles Ave E Unit #20, Brampton, ON L6T 4L6

Emergency Contact:
416.910.5676
www.shergilllawfirm.ca

# ਪੰਜਾਬ ਪੁਲਿਸ ਦੇ ਤਿੰਨ ਮੁਲਾਜ਼ਮਾਂ ਨੂੰ ਮੁੱਖ ਮੰਤਰੀ ਰਕਸ਼ਕ ਪਦਕ ਨਾਲ ਕੀਤਾ ਜਾਵੇਗਾ ਸਨਮਾਨਿਤ

## 5 ਪੀ.ਪੀ.ਐਸ ਅਧਿਕਾਰੀਆਂ ਸਮੇਤ 18 ਅਧਿਕਾਰੀਆਂ/ਕਰਮਚਾਰੀਆਂ ਨੂੰ ਡਿਊਟੀ ਪ੍ਰਤੀ ਬੇਮਿਸਾਲ ਸੇਵਾਵਾਂ ਲਈ ਮਿਲੇਗਾ ਮੁੱਖ ਮੰਤਰੀ ਮੈਡਲ

ਚੰਡੀਗੜ੍ਹ, 14 ਅਗਸਤ (ਪੋਸਟ ਬਿਊਰੋ): ਪੰਜਾਬ ਸਰਕਾਰ ਦੀਆਂ ਸਿਫ਼ਾਰਸ਼ਾਂ 'ਤੇ ਪੰਜਾਬ ਦੇ ਰਾਜਪਾਲ ਨੇ ਆਜ਼ਾਦੀ ਦਿਵਸ-2024 ਮੌਕੇ ਮੁੱਖ ਮੰਤਰੀ ਰਕਸ਼ਕ ਪਦਕ ਪੁਰਸਕਾਰ ਅਤੇ ਮੁੱਖ ਮੰਤਰੀ ਮੈਡਲ ਨਾਲ ਸਨਮਾਨਿਤ ਕੀਤੇ ਜਾਣ ਵਾਲੇ ਪੰਜਾਬ ਪੁਲਿਸ ਅਧਿਕਾਰੀਆਂ/ਕਰਮਚਾਰੀਆਂ ਦੇ ਨਾਵਾਂ ਦਾ ਐਲਾਨ ਕੀਤਾ ਹੈ।

ਦੱਸਣਯੋਗ ਹੈ ਕਿ ਸਬ-ਇੰਸਪੈਕਟਰ ਐਸਐਚਓ ਸਿਟੀ ਫਗਵਾੜਾ ਅਮਨਦੀਪ ਕੁਮਾਰ, ਇੰਚਾਰਜ ਪੁਲੀਸ ਚੌਕੀ ਇੰਡਸਟਰੀਅਲ ਏਰੀਆ ਫਗਵਾੜਾ ਏਐਸਆਈ ਜਸਬੀਰ ਸਿੰਘ ਅਤੇ ਥਾਣਾ ਸਿਟੀ ਫਗਵਾੜਾ ਦੇ ਕਾਂਸਟੇਬਲ ਰਣਜੀਤ ਸਿੰਘ ਨੂੰ ਮੁੱਖ ਮੰਤਰੀ ਰਕਸ਼ਕ ਪਦਕ ਪੁਰਸਕਾਰ ਲਈ ਚੁਣਿਆ ਗਿਆ ਹੈ।

*ਡੀਜੀਪੀ ਗੌਰਵ ਯਾਦਵ ਵੱਲੋਂ ਪੰਜਾਬ ਪੁਲਿਸ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਧੰਨਵਾਦ*

ਇਸੇ ਤਰ੍ਹਾਂ ਡਿਊਟੀ ਪ੍ਰਤੀ ਸ਼ਾਨਦਾਰ ਸੇਵਾਵਾਂ ਲਈ ਪੰਜ ਪੀਪੀਐਸ ਅਧਿਕਾਰੀਆਂ ਕਮਾਂਡੈਂਟ ਤੀਜੀ ਕਮਾਂਡੋ ਬਟਾਲੀਅਨ ਜਗਵਿੰਦਰ ਸਿੰਘ, ਡੀਸੀਪੀ ਲੁਧਿਆਣਾ ਜਸਕਿਰਨਜੀਤ ਸਿੰਘ ਤੇਜਾ, ਏਆਈਜੀ ਇੰਟੈਲੀਜੈਂਸ ਸਵਰਨਦੀਪ ਸਿੰਘ, ਏਆਈਜੀ ਚੋਣ ਸੈੱਲ ਵਿਕਾਸ ਸੱਭਰਵਾਲ ਅਤੇ ਡੀਐਸਪੀ ਵਿਜੀਲੈਂਸ ਬਿਊਰੋ ਹੁਸ਼ਿਆਰਪੁਰ ਮੁਨੀਸ਼ ਕੁਮਾਰ ਸਮੇਤ 18 ਅਧਿਕਾਰੀਆਂ/ਕਰਮਚਾਰੀਆਂ ਨੂੰ ਮੁੱਖ ਮੰਤਰੀ ਮੈਡਲ ਦਿੱਤਾ ਜਾਵੇਗਾ।

ਬਾਕੀ ਅਧਿਕਾਰੀਆਂ/ਕਰਮਚਾਰੀਆਂ ਵਿੱਚ ਇੰਸਪੈਕਟਰ ਸੁਖਵਿੰਦਰ ਸਿੰਘ, ਇੰਸਪੈਕਟਰ ਪਰਮਜੀਤ ਸਿੰਘ, ਇੰਸਪੈਕਟਰ ਅਮਰਜੀਤ ਸਿੰਘ, ਇੰਸਪੈਕਟਰ ਨਵਜੋਤ ਸਿੰਘ ਸਿੱਧੂ, ਇੰਸਪੈਕਟਰ ਪਲਵਿੰਦਰ ਸਿੰਘ, ਇੰਸਪੈਕਟਰ ਜਤਿੰਦਰ ਸਿੰਘ, ਐਸਆਈ ਜਗਨਦੀਪ ਸਿੰਘ, ਐਸਆਈ ਭੋਲਾ ਨਾਥ, ਏਐਸਆਈ ਜਗਦੀਸ਼ ਸਿੰਘ, ਏਐਸਆਈ ਹਰਪ੍ਰੀਤ ਕੌਰ, ਏਐਸਆਈ ਹਰਜੀਤ ਸਿੰਘ, ਏ.ਐਸ.ਆਈ. ਰਤਨ ਲਾਲ ਅਤੇ ਐਚ.ਸੀ. ਸੁਖਜੀਤ ਸਿੰਘ ਸ਼ਾਮਲ ਹਨ।

ਡਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਪੁਰਸਕਾਰ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਪੰਜਾਬ ਪੁਲਿਸ ਦੇ ਅਧਿਕਾਰੀਆਂ/ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਮਾਨਤਾਵਾਂ ਪੁਲਿਸ ਫੋਰਸ ਨੂੰ ਹੋਰ ਵੀ ਲਗਨ ਅਤੇ ਤਨਦੇਹੀ ਨਾਲ ਡਿਊਟੀ ਨਿਭਾਉਣ ਵਾਸਤੇ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।












ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled **Ramgarhia Family** in Winnipeg looking for a suitable match for their son **(Canadian citizenship)**, 33-year-old, 5-10, clean shaved. Currently working in the financing business. **Call at 204-510-7658 or 204-979-0021.**

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777


ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com









## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013





**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**


## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜ਼ਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664




## ਪੰਜਾਬੀ ਸੱਭਿਆਚਾਰ ਮੰਚ ਨੇ ਸ਼ਹੀਦ ਊਧਮ ਸਿੰਘ ਦਾ ਸ਼ਹਿਦੀ ਦਿਵਸ ਮਨਾਇਆ



ਬਰੈਂਪਟਨ, 14 ਅਗਸਤ (ਬਾਸੀ ਹਰਚੰਦ): ਭਾਰਤ ਦੀ ਅਜ਼ਾਦੀ ਅੰਦੋਲਣ ਦੇ ਮਹਾਨ ਸ਼ਹੀਦਾਂ ਦੀ ਪਹਿਲੀ ਕਤਾਰ ਦੇ ਸ਼ਹੀਦ ਸਰਦਾਰ ਊਧਮ ਸਿੰਘ ਦਾ ਸ਼ਹੀਦੀ ਦਿਵਸ ਕਲੀਵ ਵਿਊ ਸੀਨੀਅਰਜ਼ ਕਲੱਬ ਦੇ ਸਹਿਯੋਗ ਨਾਲ ਪੰਜਬੀ ਸੱਭਿਆਚਾਰ ਮੰਚ ਨੇ ਬੜੀ ਸ਼ਰਧਾ ਨਾਲ ਮਨਾਇਆ। ਯਾਦ ਰਹੇ ਕਿ ਇਸ ਮਹਾਨ ਯੋਧੇ ਨੇ ਜਲਿਆਂਵਾਲੇ ਬਾਗ ਦੇ ਬੇਦਰਦੀ ਨਾਲ ,ਤੇਰਾਂ ਅਪਰੈਲ 1919 ਨੂੰ ਬੇਦੋਸ਼ੇ ਭਾਰਤੀਆਂ ਦੇ ਕੀਤੇ ਕਤਲੇਆਮ ਦੇ ਰੋਸ ਵਿੱਚ ਜੁੰਮੇਵਾਰ ਗਵਰਨਰ ਜਰਨਲ ਮਾਈਕਲ ਓਡਵਾਇਰ ਨੂੰ ਲੰਡਨ ਜਾ ਕੇ ਭਰੀ ਸਭਾ ਵਿੱਚ ਗੋਲੀ ਮਾਰ ਕੇ ਭਾਰਤੀਆਂ ਦੇ ਕਤਲੇਆਮ ਦਾ ਬਦਲਾ ਲਿਆ ਸੀ। ਉਸ ਨੂੰ ਇਕੱਤੀ ਜੁਲਾਈ 1940 ਨੂੰ ਅੰਗਰੇਜ ਹਕੂਮਤ ਵੱਲੋਂ ਫਾਸੀ ਦੇ ਦਿਤੀ ਗਈ ਸੀ।ਕੌਮਾਂ ਦੇ ਸਰਮਾਏ ਉਸ ਮਹਨ ਯੋਧੇ ਦੀ ਕੁਰਬਾਨੀ ਨੂੰ ਯਾਦ ਰੱਖਣਾ ਕੌਮ ਵਾਸੀਆਂ ਦਾ ਅਤਿ ਪਵਿੱਤਰ ਫਰਜ਼ ਬਣਦਾ ਹੈ। ਇਸ ਫਰਜ਼ ਨੂੰ ਨਿਭਉਣ ਲਈ ਪੰਜਾਬੀ ਸੱਭਿਆਚਾਰ ਮੰਚ ਦੇ ਸੱਦੇ ਤੇ ਕਲੀਵ ਵਿਊ ਪਾਰਕ ਵਿਖੇ ਵੱਡੀ ਗਿਣਤੀ ਵਿੱਚ ਲੋਕ ਇਕੱਤਰ ਹੋਏ। ਕਾ : ਜਗਜੀਤ ਸਿੰਘ ਜੋਗਾ ਨੇ ਸ਼ਹੀਦ ਦੀ ਕੁਰਬਾਨੀ ਦੇ ਪਿਛੋਕੜ ਵਿੱਚ ਜਾਂਦਿਆਂ ਅੱਜ ਦੇ ਅਜੋਕੇ ਹਾਲਤਾ ਦਾ ਵਿਸਲੇਸ਼ਨਾਤਮਕ ਢੰਗ ਨਾਲ ਵਿਖਿਆਨ ਕੀਤਾ । ਮੰਚ ਦੇ ਪਰਧਾਨ ਬਲਦੇਵ ਸਿੰਘ ਸਹਿਦੇਵਨੇ ਉਸ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਵਿਸਥਾਰ ਵਿੱਚ ਜੀਵਨ ਘਟਨਾਵਾਂ ਦਾ ਜਨਮ ਤੋਂ ਫਾਂਸੀ ਦੇ ਫੰਦੇ ਤੱਕ ਦਾ ਜਿਕਰ ਕੀਤਾ। ਪੰਜਾਬੀ ਦੇ ਪਰਸਿਧ ਕਹਾਣੀਕਾਰ ਵਰਿਆਮ ਸਿੰਘ ਸੰਧੂ ਨੇ ਬੜੇ ਰੌਚਕ ਢੌਂਗ ਨਾਲ ਉਸ ਦੇ ਜੀਵਨ ਦੇ ਉਦੇਸ਼,ਅਤੇ ਸਿਰਫ ਪੰਜਾਬ ਦਾ ਹੀ ਨਹੀਂ ਸਗੋਂ ਪੂਰੇ ਭਾਰਤ ਦੇਸ ਦਾ ਸੂਰਬੀਰ ਸ਼ਹੀਦ ਹੋਣ ਦਾ ਵਿਸਥਾਰ ਵਿੱਚ ਪ੍ਰਮਾਣ ਦਿੱਤਾ । ਇਸ ਇਕੱਠ ਨੂੰ ਪੰਜਾਬ ਤੋਂ ਵਿਜ਼ਟਰ ਆਏ ਆਗੂ ਬਲਕਾਰ ਸਿੰਘ ਵਲਟੋਹਾ, ਹਰਚੰਦ ਸਿੰਘ ਬਾਸੀ ਨੇ ਵੀ ਸੰਭੋਧਨ ਕੀਤਾ । ਹਰੀ ਸਿੰਘ ਨੇ ਕਵਿਤਾ ਪੜ੍ਹੀ। ਕਾਸੁਖਦੇਵ ਸਿੰਘ ਧਾਲੀਵਾਲ ਅਤੇ ਹਰਚੰਦ ਸਿੰਘ ਬਾਸੀ ਨੇ ਸਟੇਜ ਸਕੱਤਰ ਦੀ ਜੁੰਮੇਵਾਰੀ ਨਿਭਾਈ ਕਲੀਵ ਵਿਊ ਕਲੱਬ ਵੱਲੋਂ ਚਾਹ ਪਾਣੀ ਦਾ ਵਧੀਆ ਪ੍ਰਬੰਧ ਕੀਤਾ ਗਿਆ ਸੀ। ਪੰਜਾਬੀ ਸੱਭੀਆਚਾਰ ਮੰਚ ਦੇ ਪ੍ਰਧਾਨ ਵੱਲੋਂ ਕਲਿਵ ਵਿਊ ਸੀਨੀਅਰਜ਼ ਕਲੱਬ ਦਾ ਸਹਿਯੋਗ ਕਰਨ ਲਈ ਧੰਨਵਾਦ ਕੀਤਾ ਗਿਆ।

ਕੈਲੀਫੋਰਨੀਆ ਦੇ ਗਵਰਨਰ ਵੱਲੋਂ ਬੇਘਰਿਆਂ ਦੇ ਮਾਮਲੇ ਵਿਚ ਸਥਾਨਕ ਅਧਿਕਾਰੀਆਂ ਨੂੰ ਤਾੜਨਾ

# ਕਿਹਾ- ਸਰਕਾਰੀ ਥਾਵਾਂ ਤੋਂ ਬੇਘਰਿਆਂ ਨੂੰ ਹਟਾਓ ਜਾਂ ਫੰਡਾਂ ਵਿਚ ਕਟੌਤੀ ਲਈ ਤਿਆਰ ਰਹੋ



ਸੈਕਰਾਮੈਂਟੋ, ਕੈਲੀਫੋਰਨੀਆ (ਹੁਸਨ ਲੜੋਆ ਬੰਗਾ)- ਕੈਲੀਫੋਰਨੀਆ ਦੇ ਗਵਰਨਰ ਗੈਵਿਨ ਨਿਊਸੋਮ ਨੇ ਸਥਾਨਕ ਅਧਿਕਾਰੀਆਂ ਨੂੰ ਤਾੜਨਾ ਕਰਦਿਆਂ ਕਿਹਾ ਹੈ ਕਿ ਉਹ ਸ਼ਹਿਰਾਂ ਤੇ ਕਾਊਂਟੀਆਂ ਤੋਂ ਆਉਣ ਵਾਲੇ ਪੈਸੇ ਬਾਰੇ ਦੁਬਾਰਾ ਆਦੇਸ਼ ਜਾਰੀ ਕਰਨ ਲਈ ਮਜਬੂਰ ਹੋਣਗੇ ਜੇਕਰ ਉਨਾਂ ਨੇ ਬੇਘਰਿਆਂ ਨੂੰ ਸਰਕਾਰੀ ਥਾਵਾਂ ਤੋਂ ਹਟਾਉਣ ਲਈ ਲੋੜੀਂਦੇ ਸਿੱਟੇ ਨਾ ਕੱਢੇ। ਇਸ ਦੇ ਨਾਲ ਹੀ ਗਵਰਨਰ ਨੇ ਕਿਹਾ ਹੈ ਕਿ ਬੇਘਰਿਆਂ ਨੂੰ ਹਟਾਉਣ ਲਈ ਮਾਨਵੀ ਤੇ ਗੌਰਵਮਈ ਪਹੁੰਚ ਅਪਣਾਈ ਜਾਵੇ। ਗਵਰਨਰ ਨੇ ਇਹ ਐਲਾਨ ਲਾਸ ਏਂਜਲਸ ਵਿਚ ਰਾਜ ਦੇ ਟਰਾਂਸਪੋਰਟੇਸ਼ਨ ਵਿਭਾਗ ਦੇ ਨਾਲ ਬਣੇ ਬੇਘਰਿਆਂ ਦੇ ਬਸੇਰੇ ਨੂੰ ਹਟਾਉਣ ਤੋਂ ਬਾਅਦ ਕੀਤਾ। ਗਵਰਨਰ ਨੇ ਪਿਛਲੇ ਮਹੀਨੇ ਜਾਰੀ ਕੀਤੇ ਇਕ ਆਦੇਸ਼ ਵਿਚ ਰਾਜ ਦੀਆਂ ਏਜੰਸੀਆਂ ਨੂੰ ਕਿਹਾ ਸੀ ਕਿ ਉਹ ਰਾਜ ਦੀਆਂ ਥਾਵਾਂ 'ਤੇ ਬਣੇ ਬੇਘਰਿਆਂ ਦੇ ਟਿਕਾਣਿਆਂ ਨੂੰ ਖਤਮ ਕਰਨ ਤੇ ਸਥਾਨਕ ਸਰਕਾਰਾਂ ਨੂੰ ਵੀ ਇਸੇ ਤਰਾਂ ਦੀਆਂ ਨੀਤੀਆਂ ਅਪਣਾਉਣ ਲਈ ਉਤਸ਼ਾਹਿਤ ਕਰਨ। ਰਾਜ ਦੇ ਡੈਮੋਕਰੈਟਿਕ ਗਵਰਨਰ ਦਾ ਉਕਤ ਆਦੇਸ਼ ਯੂ ਐਸ ਸੁਪਰੀਮ ਕੋਰਟ ਦੁਆਰਾ ਜੂਨ ਵਿਚ ਓਰੇਗੋਨ ਸ਼ਹਿਰ ਦੇ ਹੱਕ ਵਿਚ ਦਿੱਤੇ ਗਏ ਉਸ ਆਦੇਸ਼ ਤੋਂ ਬਾਅਦ ਆਇਆ ਹੈ ਜਿਸ ਵਿਚ ਕਿਹਾ ਗਿਆ ਹੈ ਕਿ ਬਾਹਰ ਨੀਲੇ ਅਸਮਾਨ ਹੇਠਾਂ ਸਾਉਣ ਵਾਲਿਆਂ ਨੂੰ ਜੁਰਮਾਨੇ ਲਾਏ ਜਾਣ। ਗਵਰਨਰ ਨੇ ਕੁਝ ਸਥਾਨਕ ਅਧਿਕਾਰੀਆਂ ਦੀ ਅਲੋਚਨਾ ਕਰਦਿਆਂ ਕਿਹਾ ਕਿ ਰਾਜ ਦੁਆਰਾ ਨਿਰੰਤਰ 'ਸਾਧਨ' ਮੁਹੱਈਆ ਕਰਵਾਉਣ ਦੇ ਬਾਵਜੂਦ ਉਨਾਂ ਬਹੁਤ ਕੁਝ ਨਹੀਂ ਕੀਤਾ। ਨਿਊਸੋਮ ਨੇ ਕਿਹਾ " ਹੁਣ ਹੋਰ ਮੁਆਫੀ ਨਹੀਂ, ਤੁਹਾਨੂੰ ਪੈਸੇ ਮਿਲੇ ਹਨ, ਤੁਹਾਨੂੰ ਲਚਕਤਾ ਮਿਲੀ ਹੈ, ਤੁਹਾਨੂੰ ਹਰੀ ਝੰਡੀ ਤੇ ਰਾਜ ਦਾ ਸਮਰਥਨ ਮਿਲਿਆ ਹੈ ਤੇ ਲੋਕ ਇਸ ਦਾ ਹਿਸਾਬ ਮੰਗਦੇ ਹਨ।" ਉਨਾਂ ਹੋਰ ਕਿਹਾ ਮੈ ਕਰੋੜਾਂ ਕੈਲੀਫੋਰਨੀਆ ਵਾਸੀਆਂ ਦੀ ਤਰਫੋਂ ਇਥੇ ਹਾਂ ਜੋ ਤੁਹਾਡੇ ਤੋਂ ਅੱਕ ਗਏ ਹਨ। ਮੈ ਨਤੀਜੇ ਵੇਖਣਾ ਚਹੁੰਦਾ ਹਾਂ। ਅਮਰੀਕਾ ਦੇ ਮਕਾਨ ਤੇ ਸ਼ਹਿਰੀ ਵਿਕਾਸ ਵਿਭਾਗ ਵੱਲੋਂ ਕਾਂਗਰਸ ਨੂੰ 2023 ਵਿਚ ਦਿੱਤੀ ਇਕ ਰਿਪੋਰਟ ਅਨੁਸਾਰ ਦੇਸ਼ ਭਰ ਵਿਚ ਰਹਿੰਦੇ 6,53,000 ਬੇਘਰਿਆਂ ਵਿਚੋਂ 1,80,000 ਕੈਲੀਫੋਰਨੀਆ ਜਿਸ ਨੂੰ ਗੋਲਡਨ ਸਟੇਟ ਕਿਹਾ ਜਾਂਦਾ ਹੈ, ਵਿਚ ਰਹਿੰਦੇ ਹਨ। ਇਥੇ ਇਹ ਵੀ ਜਿਕਰਯੋਗ ਹੈ ਕਿ ਕੁਝ ਮਿਊਂਸਪਲ ਕਮੇਟੀਆਂ ਨੇ ਬੇਘਰਿਆਂ ਨੂੰ ਜੇਲਾਂ ਵਿਚ ਬੰਦ ਕਰਨ ਦਾ ਵਿਰੋਧ ਕੀਤਾ ਹੈ। ਜੁਲਾਈ ਵਿਚ ਲਾਸ ਏਂਜਲਸ ਕਾਊਂਟੀ ਬੋਰਡ ਆਫ ਸੁਪਰਵਾਈਜ਼ਰ ਨੇ ਸਰਬਸੰਮਤੀ ਨਾਲ ਪਾਸ ਕੀਤੇ ਇਕ ਮਤੇ ਵਿਚ ਕਿਹਾ ਹੈ ਕਿ ਉਨਾਂ ਦੀਆਂ ਜੇਲਾਂ ਨੂੰ ਬੇਘਰਿਆਂ ਨੂੰ ਰਖਣ ਵਾਸਤੇ ਨਹੀਂ ਵਰਤੀਆਂ ਜਾਣਗੀਆਂ। ਕਾਊਂਟੀ ਦੇ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਇਹ ਮਤਾ ਪਹਿਲਾਂ ਹੀ ਲਾਗੂ ਹੋ ਚੁੱਕਾ ਹੈ।

## ਮੌਜਾਂ ਬਾਰ ਐਂਡ ਗਰਿਲ ਦੀ ਪਹਿਲੀ ਵਰ੍ਹੇਗੰਢ ਮਨਾਈ



ਬਰੈਂਪਟਨ, 14 ਅਗਸਤ (ਬਾਸੀ ਹਰਚੰਦ): ਬੀਤੇ ਦਿਨੀਂ ਕੁਲਜੀਤ ਸਿੰਘ ਜੰਜੂਆ ਅਤੇ ਰਾਹੁਲ ਬਜਾਜ ਨੇ ਆਪਣੇ ਸਫਲਤਾ ਪੂਰਵਕ ਚੱਲ ਰਹੇ ਬਾਰ ਐਂਡ ਗਰਿਲ ਰੈਸਟੋਰੈਂਟ ਦੀ ਪਹਿਲੀ ਐਨੀਵਰਸਰੀ ਬੜੀ ਧੂਮ ਧਾਮ ਨਾਲ ਦੋ ਅਗੱਸਤ ਦਿਨ ਸ਼ੁਕਰਵਾਰ ਨੂੰ ਮਨਾਈ। ਪਿਛਲੇ ਸਾਲ ਹੀ ਕੁਲਜੀਤ ਸਿੰਘ ਨੇ ਇਸ ਰੈਸਟੋਰੈਂਟ ਦਾ ਮਾਲਕਾਨ ਹੱਕ ਲਿਆ ਸੀ। ਇੱਕ ਸਾਲ ਵਿੱਚ ਹੀ ਬੜੇ ਸੁਚੱਜੇ ਢੰਗ ਅਤੇ ਮਿਹਨਤ ਦੁਆਰਾ ਇਸ ਨੂੰ ਬਲੰਦੀਆਂ ਤੇ ਪਹੁੰਚਾ ਦਿਤਾ । ਕਮਲ ਖਹਿਰਾ ਨੇ ਵਿਸ਼ੇਸ ਤੌਰ ਤੇ ਪਹੁੰਗ ਕੇ ਰੈਸਟੋਰੈਂਟ ਦੀ ਸਫਲਤਾ ਤੇ ਵਧਾਈਆਂ ਦਿਤੀਆਂ। ਬਰੈਂਪਟਨ ਸਿਟੀ ਦੇ ਮੇਅਰ ਮਾਨਯੋਗ ਪੈਟਰਿਕ ਬਰਾਊਨ ਨੇ ਕੇਕ ਕੱਟ ਕੇ ਫੰਕਸ਼ਨ ਦਾ ਅਗਾਜ ਕੀਤਾ ਅਤੇ ਬਿਜਨਿਸ ਦੀ ਸਫਲਤਾ ਤੇ ਵਧਾਈ ਦਿਤੀ। ਇਸ ਸਮੇਂ ਤੇ ਬਰੈਂਪਟਨ ਸਿਟੀ ਦੇ ਡਿਪਟੀ ਮੇਅਰ ਹਰਕੀਤ ਸਿੰਘ, ਕੌਂਸਲਰ ਰੌਡ ਪਾਵਰ, ਨਵਜੀਤ ਕੋਰ, ਕੁਲਦੀਪ ਸਿੰਘ ਗੋਲੀ ਪੀ ਏ ਮੇਅਰ , ਅਸੋਸੀਏਸ਼ਨ ਆਫ ਸੀਨੀਅਰਜ਼ ਕਲੱਬ ਦੇ ਪ੍ਰਧਾਂਨ ਜੰਗੀਰ ਸਿੰਘ ਸੈਂਭੀ,ਪੰਜਾਬੀ ਸੱਭਿਆਚਾਰ ਮੰਚ ਵੱਲੋਂ ਹਰਚੰਦ ਸਿੰਘ ਬਾਸੀ ਅਤੇ ਵੱਡੀ ਗਿਣਤੀ ਵਿੱਚ ਰਿਸ਼ਤੇਦਾਰ ਮਿਤਰ ਦੋਸਤ ਫੰਕਸ਼ਨ ਵਿੱਚ ਸ਼ਾਮਲ ਹੋਏ। ਗੀਤ ਸੰਗੀਤ ਦੇ ਪ੍ਰੋਗਰਾਮ ਨੇ ਆਪਣਾ ਰੰਗ ਬੰਨਿਆ ਹੋਇਆ ਸੀ। ਕੁਲਜੀਤ ਸਿੰਘ ਦੇ ਸਫਲ ਬਿਜਨਿਸ ਤੇ ਪਿਤਾ ਕੁਲਵੰਤ ਸਿੰਘ ਜੰਜੂਆ, ਮਾਤਾ ਮਨਜੀਤ ਕੌਰ ਭਰਾ ਅਜੈਪਾਲ ਸਿੰਘ ਅਤੇ ਸਾਰੇ ਪ੍ਰੀਵਾਰ ਨੇ ਬਹੁਤ ਖੁਸੀ ਮਨਾਈ। ਸੱਭ ਨੇ ਖਾਣ ਪੀਣ ਦਾ ਖੂਬ ਅਨੰਦ ਮਾਣਿਆ ਅਤੇ ਡਾਨਸ ਕੀਤਾ।

## ਪਾਵਰ ਟਰਾਂਸਮਿਸ਼ਨ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਨ ਪ੍ਰਾਪਤੀ, 151 ਕਰੋੜ ਰੁਪਏ ਦੇ ਵੱਡੇ ਅੱਪਗ੍ਰੇਡੇਸ਼ਨ ਕਾਰਜ ਕੀਤੇ ਮੁਕੰਮਲ : ਹਰਭਜਨ ਸਿੰਘ ਈ.ਟੀ.ਓ



ਚੰਡੀਗੜ੍ਹ, 14 ਅਗਸਤ (ਪੋਸਟ ਬਿਊਰੋ): ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ ਇਥੇ ਪੀ.ਐੱਸ.ਪੀ.ਸੀ.ਐੱਲ. ਵੱਲੋਂ ਪਾਵਰ ਟਰਾਂਸਮਿਸ਼ਨ ਨੈੱਟਵਰਕ ਵਿੱਚ ਜਨਵਰੀ 2024 ਤੋਂ ਹੁਣ ਤੱਕ ਵੱਡੇ ਅੱਪਗ੍ਰੇਡੇਸ਼ਨ ਕਾਰਜਾਂ ਨੂੰ ਸਫਲਤਾਪੂਰਵਕ ਪੂਰਾ ਕਰਨ ਦਾ ਐਲਾਨ ਕੀਤਾ, ਜਿਸਦੀ ਸੰਯੁਕਤ ਅਨੁਮਾਨਿਤ ਲਾਗਤ 151 ਕਰੋੜ ਰੁਪਏ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਭਰੋਸੇਮੰਦ ਅਤੇ ਨਿਰਵਿਘਨ ਬਿਜਲੀ ਸਪਲਾਈ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਇਹ ਪ੍ਰਗਟਾਵਾ ਕਰਦਿਆਂ ਬਿਜਲੀ ਮੰਤਰੀ ਨੇ ਦੱਸਿਆ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਨੇ ਤਿੰਨ ਨਵੇਂ 66 ਕੇਵੀ ਗਰਿੱਡ ਸਬਸਟੇਸ਼ਨ ਚਾਲੂ ਕੀਤੇ ਹਨ, ਜਿਸ ਨਾਲ ਪਾਵਰ ਗਰਿੱਡ ਵਿੱਚ 80 ਐਮ.ਵੀ.ਏ. ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ 32 ਪਾਵਰ ਟ੍ਰਾਂਸਫਾਰਮਰਾਂ ਦੇ ਵਾਧੇ ਦੇ ਨਤੀਜੇ ਵਜੋਂ ਸਮਰੱਥਾ ਵਿੱਚ 277 ਐਮ.ਵੀ.ਏ ਦਾ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜ ਨਵੇਂ ਪਾਵਰ ਟਰਾਂਸਫਾਰਮਰ ਵੀ ਲਗਾਏ ਗਏ ਹਨ, ਜਿੰਨਾ ਸਦਕਾ 77.5 ਐਮਵੀਏ ਦੀ ਵਾਧੂ ਸਮਰੱਥਾ ਦਾ ਯੋਗਦਾਨ ਪਿਆ ਹੈ।

ਬਿਜਲੀ ਮੰਤਰੀ ਨੇ ਕਿਹਾ ਕਿ ਇਹ ਪ੍ਰੋਜੈਕਟ ਸੂਬੇ ਦੀਆਂ ਵੱਧ ਰਹੀਆਂ ਬਿਜਲੀ ਮੰਗਾਂ ਨੂੰ ਪੂਰਾ ਕਰਨ ਲਈ ਪੀ.ਐਸ.ਪੀ.ਸੀ.ਐਲ. ਦੀ ਸਰਗਰਮ ਪਹੁੰਚ ਨੂੰ ਦਰਸਾਉਂਦੇ ਹਨ। ਉਨ੍ਹਾਂ ਕਿਹਾ ਕਿ ਪੀ.ਐਸ.ਪੀ.ਸੀ ਐਲ ਵੱਲੋਂ ਮੌਜੂਦਾ ਬੁਨਿਆਦੀ ਢਾਂਚੇ ਨੂੰ ਵਧਾਉਣ ਲਈ ਅਪਣਾਈ ਗਈ ਰਣਨੀਤਕ ਪਹੁੰਚ ਬਿਜਲੀ ਸਪਲਾਈ ਨੂੰ ਬਿਹਤਰ ਬਣਾਉਣ ਅਤੇ ਪੰਜਾਬ ਦੇ ਲੋਕਾਂ ਦੇ ਜੀਵਨ ਦੀ ਸਮੁੱਚੀ ਗੁਣਵੱਤਾ ਨੂੰ ਵਧਾਉਣ ਪ੍ਰਤੀ ਇਸ ਦੇ ਸਮਰਪਣ ਦਾ ਪ੍ਰਮਾਣ ਹੈ।

ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਪੀ.ਐਸ.ਪੀ.ਸੀ.ਐਲ ਦਾ ਉਦੇਸ਼ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਤਕਨੀਕੀ ਤਰੱਕੀ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ ਟਿਕਾਊ ਬਿਜਲੀ ਸਪਲਾਈ ਨੂੰ ਯਕੀਨੀ ਬਣਾ ਕੇ ਸੂਬੇ ਦੀਆਂ ਵੱਧ ਰਹੀਆਂ ਊਰਜਾ ਮੰਗਾਂ ਨੂੰ ਪੂਰਾ ਕਰਨਾ ਹੈ। ਉਨ੍ਹਾਂ ਕਿਹਾ ਕਿ ਪੀ.ਐੱਸ.ਪੀ.ਸੀ.ਐੱਲ. ਖਪਤਕਾਰਾਂ ਨੂੰ ਭਰੋਸੇਯੋਗ ਅਤੇ ਕੁਸ਼ਲ ਬਿਜਲੀ ਸਪਲਾਈ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਇਸ ਦੀਆਂ ਇਹ ਪ੍ਰਾਪਤੀਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰਾਂ ਵੱਲੋਂ ਸੂਬੇ ਦੇ ਆਰਥਿਕ ਵਿਕਾਸ ਨੂੰ ਯਕੀਨੀ ਬਨਾਉਣ ਅਤੇ ਲੋਕਾਂ ਨੂੰ ਬੇਹਤਰ ਬਿਜਲੀ ਸਹੂਲਤ ਦੇਣ ਲਈ ਬਿਜਲੀ ਟਰਾਂਸਮਿਸ਼ਨ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਅਤੇ ਇਸ ਦੇ ਵਿਸਤਾਰ ਕਰਨ ਦੇ ਯਤਨਾਂ ਨੂੰ ਦਰਸਾਉਂਦੀਆਂ ਹਨ।

# ਪੀ.ਐੱਸ.ਬੀ. ਸੀਨੀਅਰਜ਼ ਕਲੱਬ ਦੀ ਸਲਾਨਾ ਜਨਰਲ-ਬਾਡੀ ਮੀਟਿੰਗ ਵਿਚ ਨਵੀਂ ਕਾਰਜਕਾਰਨੀ ਕਮੇਟੀ ਦੀ ਚੋਣ ਹੋਈ



## ਕਲੱਬ ਨੇ ਇਸ ਮੌਕੇ ਡਾਇਬਟੀਜ਼ ਉੱਪਰ ਕਰਵਾਇਆ ਸੈਮੀਨਾਰ




ਬਰੈਂਪਟਨ, (ਡਾ. ਝੰਡ) - ਪਿਛਲੇ ਕੁਝ ਸਾਲਾਂ ਤੋਂ ਸਰਗਰਮ ਪੰਜਾਬ ਐਂਡ ਸਿੰਧ ਬੈਂਕ ਦੇ ਸਾਬਕਾ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਸੰਸਥਾ 'ਪੀ.ਐੱਸ.ਬੀ. ਸੀਨੀਅਰਜ਼ ਕਲੱਬ' ਦੇ ਮੈਂਬਰਾਂ ਦੀ ਸਲਾਨਾ ਜਨਰਲ-ਬਾਡੀ ਮੀਟਿੰਗ ਲੰਘੇ ਸ਼ਨੀਵਾਰ 10 ਅਗਸਤ ਨੂੰ 'ਲੋਫ਼ਰ ਲੇਕ' ਨੇੜੇ ਪਾਲ ਪਲੈਸ਼ੀ ਕਮਿਊਨਿਟੀ ਸੈਂਟਰ ਵਿਚ ਹੋਈ ਜਿਸ ਵਿਚ ਮੈਂਬਰਾਂ ਵੱਲੋਂ ਕਲੱਬ ਦੀ ਨਵੀਂ ਕਾਰਜਕਾਰਨੀ ਕਮੇਟੀ ਦੀ ਚੋਣ ਕੀਤੀ ਗਈ। ਇਸ ਮੌਕੇ ਸਲਾਨਾ ਸਮਾਗਮ ਵਿਚ ਕਲੱਬ ਦੇ 80 ਮੈਂਬਰ ਹਾਜ਼ਰ ਸਨ। ਸਮਾਗਮ ਦੀ ਕਾਰਵਾਈ ਕਲੱਬ ਦੇ ਪ੍ਰਧਾਨ ਗੁਰਚਰਨ ਸਿੰਘ ਖੱਖ ਵੱਲੋਂ ਚਲਾਉਂਦਿਆਂਹੋਇਆਂ ਉਨ੍ਹਾਂ ਵੱਲੋਂ ਪ੍ਰਧਾਨਗੀ ਦਾ ਅਹੁਦਾ ਛੱਡਣ ਅਤੇ ਮੌਜੂਦਾ ਕਾਰਜਕਾਰਨੀ ਭੰਗ ਕਰਨ ਦੀ ਪੇਸ਼ਕਸ਼ ਕੀਤੀ ਗਈ ਜਿਸ ਨੂੰ ਕਾਫ਼ੀ ਹਿਚਕਚਾਹਟ ਤੋਂ ਬਾਅਦ ਮੈਂਬਰਾਂ ਵੱਲੋਂ ਸਵੀਕਾਰ ਕਰ ਲਿਆ ਗਿਆ। ਸਾਰੇ ਮੈਂਬਰਾਂ ਵੱਲੋਂ ਖੱਖ ਸਾਹਿਬ ਦੇ ਪ੍ਰਧਾਨ ਵਜੋਂ ਲੰਮਾਂ ਸਮਾਂ ਨਿਭਾਈ ਗਈ ਭੂਮਿਕਾ ਦੀ ਭਾਰੀ ਸਰਾਹਨਾ ਕੀਤੀ ਗਈ ਅਤੇ ਉਨ੍ਹਾਂ ਨੂੰ ਕਲੱਬ ਦੇ ਚੇਅਰਪਰਸਨ ਦੀ ਨਵੀਂ ਭੂਮਿਕਾ ਨਿਭਾਉਣ ਲਈ ਜ਼ੋਰ ਪਾਇਆ ਗਿਆ ਜਿਸ ਨੂੰ ਉਨ੍ਹਾਂ ਨੇ ਅਣਮੰਨੇ ਜਿਹੇ ਮਨ ਨਾਲ ਮਸਾਂ ਹੀ ਪ੍ਰਵਾਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਕਲੱਬ ਦੀ ਨਵੀਂ ਕਾਰਜਕਾਰਨੀ ਦੀ ਚੋਣ ਲਈ ਕਲੱਬ ਦੇ ਮੁੱਢਲੇ ਮੈਂਬਰ ਮਲੂਕ ਸਿੰਘ ਕਾਹਲੋਂ ਨੂੰ ਚੋਣ-ਅਧਿਕਾਰੀ ਦੀ ਜ਼ਿੰਮੇਂਵਾਰੀ ਸੰਭਾਲਣ ਲਈ ਕਿਹਾ ਗਿਆ।

ਚੋਣ ਪ੍ਰਕਿਰਿਆ ਆਰੰਭ ਕਰਦੇ ਹੋਏ ਮਲੂਕ ਸਿੰਘ ਕਾਹਲੋਂ ਨੇ ਮੈਂਬਰਾਂ ਕੋਲੋਂ ਕਲੱਬ ਦੇ ਪ੍ਰਧਾਨ ਲਈ ਨਾਵਾਂ ਦੀ ਮੰਗ ਕੀਤੀ ਜਿਸ ਦੇ ਲਈ ਉਨ੍ਹਾਂ ਵੱਲੋਂ ਕੇਵਲ ਇਕ ਹੀ ਨਾਂ ਕਲੱਬ ਦੇ ਸਾਬਕਾ ਸਕੱਤਰ ਹਰਚਰਨ ਸਿੰਘ ਰਾਜਪੂਤ ਦਾ ਪੇਸ਼ ਕੀਤਾ ਗਿਆ। ਨਤੀਜੇ ਵਜੋਂ, ਉਨ੍ਹਾਂ ਨੂੰ ਸਰਬ-ਸੰਮਤੀ ਨਾਲ ਦੋ ਸਾਲਾਂ ਲਈ ਕਲੱਬ ਦਾ ਨਵਾਂ ਪ੍ਰਧਾਨ ਐਲਾਨਿਆ ਗਿਆ ਅਤੇ ਇਸ ਦੇ ਨਾਲ ਹੀ ਉਨ੍ਹਾਂ ਨੂੰ ਕਾਰਜਕਾਰਨੀ ਕਮੇਟੀ ਦੇ ਬਾਕੀ ਮੈਂਬਰ ਨਾਮਜ਼ਦ ਕਰਨ ਦੇ ਅਧਿਕਾਰ ਦਿੱਤੇ ਗਏ। ਨਵੀਂ ਕਾਰਜਕਾਰਨੀ ਕਮੇਟੀ ਵਿਚ ਕਲੱਬ ਦੇ ਨਵਯੁਕਤ ਪ੍ਰਧਾਨ ਹਰਚਰਨ ਸਿੰਘ ਰਾਜਪੂਤ ਵੱਲੋਂ ਗਿਆਨ ਪਾਲ ਨੂੰ ਉਪ-ਪ੍ਰਧਾਨ, ਮਨਜੀਤ ਸਿੰਘ ਗਿੱਲ ਨੂੰ ਸਕੱਤਰ ਅਤੇ ਰਾਮ ਸਿੰਘ ਨੂੰ ਖ਼ਜ਼ਾਨਚੀ ਨਿਯੁੱਕਤ ਕੀਤਾ ਗਿਆ। ਦਲਬੀਰ ਸਿੰਘ ਕਾਲੜਾ ਤੇ ਰਘਬੀਰ ਸਿੰਘ ਮੱਕੜ ਨੂੰ ਡਾਇਰੈੱਕਟਰ ਬਣਾਇਆ ਗਿਆ ਅਤੇ ਕਲੱਬ ਦੇ ਸਾਬਕਾ ਪ੍ਰਧਾਨ ਗੁਰਚਰਨ ਸਿੰਘ ਖੱਖ ਨੂੰ ਦੋ ਸਾਲਾਂ ਲਈ ਚੇਅਰਪਰਸਨ ਨਿਯੁੱਕਤ ਕੀਤਾ ਗਿਆ।

ਸਮਾਗਮ ਦੇ ਦੂਸਰੇ ਭਾਗ ਵਿਚ ਸਿਹਤ ਮਸਲਿਆਂ ਨਾਲ ਸਬੰਧਿਤ ਡਾਇਬਟੀਜ਼ ਉੱਪਰ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਪੰਜਾਬੀ ਕਮਿਊਨਿਟੀ ਹੈੱਲਥ ਸਰਵਿ-ਸਿਜ਼ ਦੀਆਂਸਟਾਫ਼ ਮੈਂਬਰਾਂ ਰਮਨਪ੍ਰੀਤ ਅਤੇ ਨਵਦੀਪ ਵੱਲੋਂ ਇਸ ਬੀਮਾਰੀ ਨਾਲ ਸਬੰਧਿਤ ਡਾਇਬਟੀਜ਼ ਮੈਨੇਜਮੈਂਟ ਅਤੇ ਨਿਊਟ੍ਰੀਸ਼ਨ ਬਾਰੇ ਬਹੁਮੁੱਲੀ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਵੱਲੋਂ ਟਾਈਪ-1 ਅਤੇ ਟਾਈਪ-2 ਦੋਹਾਂ ਕਿਸਮਾਂ ਦੀ ਡਾਇਅਬਟੀਜ਼ ਬਾਰੇ ਵਿਆਖਿਆ ਭਰਪੂਰ ਪ੍ਰੈਜ਼ੈਂਟੇਸ਼ਨ ਦਿੱਤੀ ਗਈ ਅਤੇ ਦੱਸਿਆ ਗਿਆ ਕਿ ਟਾਈਪ-2 ਡਾਇਬਟੀਜ਼ ਨੂੰ ਤਾਂ ਖਾਣ-ਪੀਣ ਦੀਆਂ ਆਦਤਾਂ ਵਿਚ ਸੁਧਾਰ ਕਰਕੇ ਬੜੀ ਆਸਾਨੀ ਨਾਲ ਕੰਟਰੋਲ ਕੀਤਾ ਜਾ ਸਕਦਾ ਹੈ ਪਰ ਟਾਈਪ-1 ਲਈ ਮਰੀਜ਼ ਨੂੰ ਡਾਕਟਰ ਦੀ ਸਲਾਹ ਅਨੁਸਾਰ ਬਾ-ਕਾਇਦਾ 'ਇਨਸੂਲੀਨ' ਲੈਣ ਦੀ ਜ਼ਰੂਰਤ ਪੈਂਦੀ ਹੈ। ਉਨ੍ਹਾਂ ਵੱਲੋਂ ਦਿੱਤੀ ਗਈ ਜਾਣਕਾਰੀ ਦੀ ਮੈਂਬਰਾਂ ਵੱਲੋਂ ਭਾਰੀ ਸ਼ਲਾਘਾ ਕੀਤੀ ਗਈ। ਸੁਆਲ-ਜੁਆਬ ਸੈਸ਼ਨ ਵਿਚ ਡੀ.ਐੱਸ. ਕਾਲੜਾ, ਮਲੂਕ ਸਿੰਘ ਕਾਹਲੋਂ, ਸੁਖਦੇਵ ਸਿੰਘ ਬੇਦੀ ਵੱਲੋਂ ਸੁਆਲ ਪੁੱਛੇ ਗਏ ਜਿਨ੍ਹਾਂ ਦੇ ਤਸੱਲੀਬਖ਼ਸ਼ ਜੁਆਬ ਬੁਲਾਰਿਆਂ ਵੱਲੋਂ ਦਿੱਤੇ ਗਏ।

ਤੀਸਰੇ ਭਾਗ ਵਿਚ ਹਾਜ਼ਰ ਮੈਂਬਰਾਂ ਦਾ ਮਨੋਰੰਜਨ ਕੀਤਾ ਗਿਆ ਜਿਸ ਵਿਚ ਮਰਵਾਹਾ ਜੋੜੀ ਨੇ ਕਵਿਤਾਵਾਂ ਅਤੇ ਗੀਤ ਸੁਣਾਏ। ਸਮਾਗਮ ਵਿਚ ਹਾਜ਼ਰ ਬੀਬੀਆਂ ਨੇ ਗਿੱਧੇ ਦਾ ਪਿੜ ਬੰਨ੍ਹ ਲਿਆ ਅਤੇ ਬੋਲੀਆਂ ਪਾ ਕੇ ਖ਼ੂਬ ਗਿੱਧਾ ਪਾਇਆ। ਉਪਰੰਤ, ਸਾਰਿਆਂ ਨੇ ਮਿਲ ਕੇ ਸੁਆਦਲੇ ਖਾਣੇ ਦਾ ਅਨੰਦ ਮਾਣਿਆਂ। ਕਲੱਬ ਦੇ ਨਵੇਂ ਪ੍ਰਧਾਨ ਹਰਚਰਨ ਸਿੰਘ ਰਾਜਪੂਤ ਵੱਲੋਂ ਸੈਮੀਨਾਰ ਦੇ ਬੁਲਾਰਿਆਂ ਅਤੇ ਸਾਰੇ ਮੈਂਬਰਾਂ ਦਾ ਹਾਰਦਿਕ ਧੰਨਵਾਦ ਕੀਤਾ ਗਿਆ ਅਤੇ ਸਾਰੇ ਖੁਸ਼ੀ-ਖੁਸ਼ੀ ਘਰਾਂ ਨੂੰ ਪਰਤੇ।






# ਮੁੱਖ ਮੰਤਰੀ ਦੀ ਅਗਵਾਈ ਵਿੱਚ ਵਜ਼ਾਰਤ ਵੱਲੋਂ 16ਵੀਂ ਪੰਜਾਬ ਵਿਧਾਨ ਸਭਾ ਦਾ ਸੱਤਵਾਂ ਸੈਸ਼ਨ 2 ਤੋਂ 4 ਸਤੰਬਰ ਤੱਕ ਸੱਦਣ ਦੀ ਪ੍ਰਵਾਨਗੀ

ਪੰਨਾ 1 ਦਾ ਬਾਕੀ

**ਖੇਤੀ ਜੰਗਲਾਤ ਨੂੰ ਉਤਸ਼ਾਹਤ ਕਰਨ ਅਤੇ ਜੈਵਿਕ ਵਿਭਿੰਨਤਾ ਦੀ ਸੰਭਾਲ ਲਈ ਪ੍ਰਾਜੈਕਟ ਸ਼ੁਰੂ ਕਰਨ ਦੀ ਵੀ ਪ੍ਰਵਾਨਗੀ**

ਕੈਬਨਿਟ ਨੇ ਜਾਪਾਨ ਦੇ ਸਹਿਯੋਗ ਨਾਲ 792.88 ਕਰੋੜ ਰੁਪਏ ਦੀ ਲਾਗਤ ਨਾਲ ਪੰਜਾਬ ਵਿੱਚ ਖੇਤੀ ਜੰਗਲਾਤ ਨੂੰ ਉਤਸ਼ਾਹਤ ਕਰਨ ਅਤੇ ਜੈਵਿਕ ਵਿਭਿੰਨਤਾ ਦੀ ਸੰਭਾਲ ਲਈ ਇਕ ਪ੍ਰਾਜੈਕਟ ਸ਼ੁਰੂ ਕਰਨ ਦੀ ਵੀ ਪ੍ਰਵਾਨਗੀ ਦਿੱਤੀ। ਇਸ ਪ੍ਰਾਜੈਕਟ ਨਾਲ ਪੰਜਾਬ ਵਿੱਚ ਖੇਤੀ ਜੰਗਲਾਤ ਅਧੀਨ ਰੁੱਖਾਂ ਹੇਠ ਰਕਬਾ ਵਧਾਉਣ, ਜ਼ਮੀਨੀ ਪਾਣੀ ਬਚਾਉਣ, ਕਿਸਾਨਾਂ ਦੀ ਆਮਦਨ ਵਧਾਉਣ ਅਤੇ ਪਰਾਲੀ ਫੂਕਣ ਨਾਲ ਹੋਣ ਵਾਲੇ ਹਵਾ ਦੇ ਪ੍ਰਦੂਸ਼ਣ ਘਟਾਉਣ, ਸ਼ਿਵਾਲਿਕ ਖਿੱਤੇ ਵਿੱਚ ਜਲ ਸਰੋਤਾਂ ਦੇ ਬਿਹਤਰ ਏਕੀਕ੍ਰਿਤ ਪ੍ਰਬੰਧਨ, ਸੂਬੇ ਵਿੱਚ ਜਲਗਾਹਾਂ ਵਿੱਚ ਸੁਧਾਰ ਅਤੇ ਜੈਵਿਕ ਵਿਭਿੰਨਤਾ ਦੀ ਸੰਭਾਲ ਤੇ ਈਕੋ-ਟੂਰਿਜ਼ਮ ਨੂੰ ਉਤਸ਼ਾਹਤ ਕਰਨ ਵਿੱਚ ਮਦਦ ਮਿਲੇਗੀ। ਇਸ ਪ੍ਰਾਜੈਕਟ ਦੀ ਵਿਸਤਾਰਤ ਰਿਪੋਰਟ ਭਾਰਤ ਸਰਕਾਰ, ਵਾਤਾਵਰਨ ਮੰਤਰਾਲੇ, ਜਾਪਾਨ ਇੰਟਰਨੈਸ਼ਨਲ ਕੋਆਪ੍ਰੇਸ਼ਨ ਏਜੰਸੀ (ਜੇ.ਆਈ.ਸੀ.ਏ.) ਅਤੇ ਪੰਜਾਬ ਦੇ ਜੰਗਲਾਤ ਵਿਭਾਗ ਵੱਲੋਂ ਤਿਆਰ ਕੀਤੀ ਜਾਵੇਗੀ। ਇਹ ਪ੍ਰਾਜੈਕਟ 2025-26 ਤੋਂ ਪੰਜ ਸਾਲਾਂ ਲਈ ਲਾਗੂ ਕੀਤਾ ਜਾਵੇਗਾ।

**ਕੁਦਰਤੀ ਆਫ਼ਤਾਂ ਕਾਰਨ ਨੁਕਸਾਨੀਆਂ ਫ਼ਸਲਾਂ ਦੇ ਮੁਆਵਜ਼ਾ ਜਾਰੀ ਕਰਨ ਲਈ ਸਟੇਟ ਐਗਜ਼ੀਕਿਊਟਿਵ ਕਮੇਟੀ ਸਮਰੱਥ ਅਥਾਰਟੀ ਵਜੋਂ ਨਾਮਜ਼ਦ**

ਕੈਬਨਿਟ ਨੇ ਨੋਟੀਫਾਈਡ ਕੁਦਰਤੀ ਆਫ਼ਤਾਂ ਦੀ ਸੂਰਤ ਵਿੱਚ ਨੁਕਸਾਨੀਆਂ ਫ਼ਸਲਾਂ ਦੇ ਮੁਆਵਜ਼ੇ ਲਈ ਐਸ.ਡੀ.ਆਰ.ਐਫ. ਅਤੇ ਸੂਬਾਈ ਬਜਟ ਵਿੱਚੋਂ ਸਾਂਝੇ ਤੌਰ ਉਤੇ ਇਕ ਕਰੋੜ ਰੁਪਏ ਤੋਂ ਵੱਧ ਦੇ ਫੰਡ ਜਾਰੀ ਕਰਨ ਲਈ ਸਮਰੱਥ ਅਥਾਰਟੀ ਵਜੋਂ ਸਟੇਟ ਐਗਜ਼ੀਕਿਊਟਿਵ ਕਮੇਟੀ ਨੂੰ ਨਾਮਜ਼ਦ ਕਰਨ ਦੀ ਮਨਜ਼ੂਰੀ ਵੀ ਦੇ ਦਿੱਤੀ। ਇਸ ਨਾਲ ਕੁਦਰਤੀ ਆਫ਼ਤਾਂ ਕਾਰਨ ਫ਼ਸਲਾਂ ਦੇ ਹੁੰਦੇ ਨੁਕਸਾਨ ਲਈ ਕਿਸਾਨਾਂ ਨੂੰ ਢੁਕਵਾਂ ਮੁਆਵਜ਼ਾ ਮੁਹੱਈਆ ਕਰਵਾਇਆ ਜਾ ਸਕੇਗਾ। ਮੌਜੂਦਾ ਸਮੇਂ ਸੂਬਾਈ ਬਜਟ ਵਿੱਚੋਂ ਮੁਆਵਜ਼ਾ ਵੱਖਰੇ ਤੌਰ ਉਤੇ ਦਿੱਤਾ ਜਾਂਦਾ ਹੈ ਪਰ ਇਸ ਕਦਮ ਦਾ ਮੰਤਵ ਪ੍ਰਭਾਵਿਤ ਕਿਸਾਨਾਂ ਨੂੰ ਸਟੇਟ ਡਿਜ਼ਾਸਟਰ ਰਿਸਪਾਂਸ ਫੰਡ (ਐਸ.ਡੀ.ਆਰ.ਐਫ.) ਤੇ ਸੂਬਾਈ ਬਜਟ ਵਿੱਚੋਂ ਸਾਂਝੇ ਤੌਰ ਉਤੇ ਸਮਾਂਬੱਧ ਤਰੀਕੇ ਨਾਲ ਮੁਆਵਜ਼ਾ ਮੁਹੱਈਆ ਕਰਵਾਉਣ ਵਿੱਚ ਕੋਈ ਦਿੱਕਤ ਨਹੀਂ ਆਵੇਗੀ।

**ਦਿਵਿਆਂਗ ਬੱਚਿਆਂ ਲਈ ਪੰਜਾਬ ਰਾਜ ਸਿੱਖਿਆ ਨੀਤੀ ਨੂੰ ਮਨਜ਼ੂਰੀ**

ਮੰਤਰੀ ਮੰਡਲ ਨੇ ਦਿਵਿਆਂਗ ਬੱਚਿਆਂ ਲਈ ਪੰਜਾਬ ਰਾਜ ਸਿੱਖਿਆ ਨੀਤੀ ਨੂੰ ਹਰੀ ਝੰਡੀ ਦੇ ਦਿੱਤੀ ਹੈ ਤਾਂ ਕਿ ਯੂਨਾਈਟਿਡ ਨੇਸ਼ਨ ਕਨਵੈਨਸ਼ਨ ਆਨ ਰਾਈਟਸ ਆਫ ਪਰਸਨਜ਼ ਵਿਦ ਡਿਸਏਬਿਲਟੀ ਦਾ ਉਦੇਸ਼ ਪੂਰਾ ਕੀਤਾ ਜਾ ਸਕੇ ਅਤੇ 'ਦਾ ਰਾਈਟ ਆਫ ਪਰਸਨ ਵਿਦ ਡਿਏਬਿਲਟੀਜ਼ ਐਕਟ-2016' ਨੂੰ ਲਾਗੂ ਕੀਤਾ ਜਾ ਸਕੇ। ਇਹ ਨੀਤੀ ਸੰਪੂਰਨ ਸਿੱਖਿਆ ਅਤੇ ਵਿਆਪਕ ਵਿਕਾਸ ਲਈ ਸਹਾਈ ਹੋਵੇਗੀ ਤਾਂ ਜੋ ਦਿਵਿਆਂਗ ਬੱਚਿਆਂ ਨੂੰ ਹੋਰ ਵਧੇਰੇ ਮੌਕੇ ਮਿਲ ਸਕਣ ਅਤੇ ਸੰਪੂਰਨ ਸਿੱਖਿਆ ਹਾਸਲ ਹੋ ਸਕੇ। ਇਸ ਤੋਂ ਇਲਾਵਾ ਇਸ ਨੀਤੀ ਨਾਲ ਇਨ੍ਹਾਂ ਬੱਚਿਆਂ ਨੂੰ ਹਰੇਕ ਖੇਤਰ ਵਿੱਚ ਸਵੈ-ਵਿਕਾਸ ਦੀਆਂ ਗਤੀਵਿਧੀਆਂ ਦੇ ਨਾਲ-ਨਾਲ ਸਮਾਜਿਕ-ਆਰਥਿਕ ਭਾਈਵਾਲੀ ਦੇ ਹੱਕ ਵੀ ਹਾਸਲ ਹੋਣਗੇ।

**ਬਹਾਦਰੀ ਪੁਰਸਕਾਰ ਜੇਤੂਆਂ ਨੂੰ ਰਾਹਤ**

ਬਹਾਦਰੀ ਦੇ ਐਵਾਰਡ ਜੇਤੂਆਂ ਨੂੰ ਵੱਡੀ ਰਾਹਤ ਦਿੰਦਿਆਂ ਮੰਤਰੀ ਮੰਡਲ ਨੇ ਇਨ੍ਹਾਂ ਜੇਤੂਆਂ ਨੂੰ ਹਰੇਕ ਤਰ੍ਹਾਂ ਦੇ ਨਗਦ ਐਵਾਰਡ ਦੀ ਉੱਕੀ-ਪੁੱਕੀ ਅਦਾਇਗੀ ਕਰਨ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਸ ਨਾਲ ਐਵਾਰਡ ਜੇਤੂ ਨੂੰ ਉੱਕੀ-ਪੁੱਕੀ ਰਕਮ ਮਿਲਣੀ ਯਕੀਨੀ ਹੋਵੇਗੀ, ਜਿਸ ਨਾਲ ਉਹ ਆਪਣੀ ਵਿੱਤੀ ਲੋੜਾਂ ਹੋਰ ਵਧੇਰੇ ਪ੍ਰਭਾਵੀ ਢੰਗ ਨਾਲ ਪੂਰੀਆਂ ਕਰ ਸਕਣਗੇ। ਇਸ ਨਾਲ ਐਵਾਰਡ ਜੇਤੂਆਂ ਨੂੰ ਹਰੇਕ ਸਾਲ ਜੀਵਨ ਪ੍ਰਮਾਣ ਪੱਤਰ ਦੀ ਪ੍ਰਕਿਰਿਆ ਜਾਰੀ ਰੱਖਣ ਦੀ ਲੋੜ ਨਹੀਂ ਰਹੇਗੀ ਅਤੇ ਐਵਾਰਡੀ ਦੀ ਮੌਤ ਤੋਂ ਬਾਅਦ ਉਸ ਦੀ ਪਤਨੀ ਲਈ ਮਹੀਨਾਵਾਰ ਭੱਤੇ ਵਾਸਤੇ ਅਪਲਾਈ ਕਰਨ ਦੀ ਕੋਈ ਲੋੜ ਨਹੀਂ ਰਹੇਗੀ ਕਿਉਂ ਜੋ ਇਹ ਪ੍ਰਕਿਰਿਆ ਆਪਣੇ ਆਪ ਮੁਕੰਮਲ ਹੋ ਜਾਵੇਗੀ।

**ਪੰਜਾਬ ਐਜੂਕੇਸ਼ਨਲ (ਟੀਚਿੰਗ ਕਾਡਰ) ਗਰੁੱਪ ਸੀ ਸੇਵਾ ਨਿਯਮ 2018 ਅਤੇ ਪੰਜਾਬ ਐਜੂਕੇਸ਼ਨਲ (ਟੀਚਿੰਗ ਕਾਡਰ) ਬਾਰਡਰ ਏਰੀਆ ਗਰੁੱਪ ਸੀ ਸੇਵਾ ਨਿਯਮ 2018 ਵਿੱਚ ਸੋਧਾਂ**

ਕੈਬਨਿਟ ਨੇ ਪੰਜਾਬ ਐਜੂਕੇਸ਼ਨਲ (ਟੀਚਿੰਗ ਕਾਡਰ) ਗਰੁੱਪ ਸੀ ਸੇਵਾ ਨਿਯਮ 2018 ਅਤੇ ਪੰਜਾਬ ਐਜੂਕੇਸ਼ਨਲ (ਟੀਚਿੰਗ ਕਾਡਰ) ਬਾਰਡਰ ਏਰੀਆ ਗਰੁੱਪ ਸੀ ਸੇਵਾ ਨਿਯਮ 2018 ਵਿੱਚ ਸੋਧਾਂ ਨੂੰ ਵੀ ਮਨਜ਼ੂਰ ਕਰ ਲਿਆ। ਇਸ ਸੋਧ ਮੁਤਾਬਕ ਮਾਸਟਰ/ਮਿਸਟ੍ਰੈੱਸ ਕਾਡਰ ਦੀਆਂ ਅਸਾਮੀਆਂ ਵਿੱਚ 20 ਫੀਸਦੀ ਤਰੱਕੀ ਕੋਟੇ ਨੂੰ ਈ.ਟੀ.ਟੀ./ਜੇ.ਬੀ.ਟੀ., ਐਚ.ਟੀ. ਤੇ ਸੀ.ਐਚ.ਟੀ. ਕਾਡਰ ਵਿੱਚ ਕ੍ਰਮਵਾਰ 15:4:1 ਦੇ ਅਨੁਪਾਤ ਵਿੱਚ ਵੰਡਿਆ ਜਾਵੇਗਾ। ਇਸ ਨਾਲ ਵਿਭਾਗ ਵਿੱਚ ਬੇਲੋੜੀ ਮੁਕੱਦਮੇਬਾਜ਼ੀ ਘਟੇਗੀ ਅਤੇ ਈ.ਟੀ.ਟੀ./ਜੇ.ਬੀ.ਟੀ., ਐਚ.ਟੀ. ਤੇ ਸੀ.ਐਚ.ਟੀ. ਕਾਡਰ ਵਿੱਚ ਤਰੱਕੀਆਂ ਦਾ ਰਾਹ ਖੁੱਲ੍ਹੇਗਾ।

**ਪੰਜਾਬ ਫੈਮਿਲੀ ਕੋਰਟ (ਸੋਧ) ਰੂਲਜ਼-2004 ਵਿੱਚ ਤਬਦੀਲੀ**

ਮੰਤਰੀ ਮੰਡਲ ਨੇ ਪੰਜਾਬ ਫੈਮਿਲੀ ਕੋਰਟ (ਸੋਧ) ਰੂਲਜ਼-2004 ਨੂੰ ਸੋਧ ਕੇ ਇਸ ਵਿੱਚ ਨਵੀਂ ਧਾਰਾ 4-ਏ ਜੋੜਨ ਅਤੇ ਮੌਜੂਦਾ ਧਾਰਾ-5, ਧਾਰਾ-6, ਧਾਰਾ-7, ਧਾਰਾ-8 ਅਤੇ ਧਾਰਾ-9 ਵਿੱਚ ਲੋੜੀਂਦੀ ਤਰਮੀਮ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇਸ ਸੋਧ ਦਾ ਉਦੇਸ਼ ਮੌਜੂਦਾ ਸਮੇਂ ਦੀਆਂ ਲੋੜਾਂ ਦੀ ਪੂਰਤੀ ਕਰਨ ਦੇ ਨਾਲ-ਨਾਲ ਫੈਮਿਲੀ ਕੋਰਟਾਂ ਦਾ ਕੰਮਕਾਜ ਹੋਰ ਸੁਚਾਰੂ ਹੋਵੇਗਾ।

**ਪੰਜਾਬ ਸੁਪੀਰੀਅਰ ਜੁਡੀਸ਼ੀਅਲ ਸਰਵਿਸ ਰੂਲਜ਼-2007 ਵਿੱਚ ਤਰਮੀਮ**

ਮੰਤਰੀ ਮੰਡਲ ਨੇ ਪੂਰੇ ਭਾਰਤ ਦੀ ਤਰਜ਼ ਉਤੇ ਜੂਡੀਸ਼ਅਲ ਅਫ਼ਸਰਾਂ ਨੂੰ ਮੁੜ ਨਾਮਜ਼ਦ ਕਰਨ ਲਈ ਪੰਜਾਬ ਸੁਪਰੀਅਰ ਜੁਡੀਸ਼ਅਲ ਰੂਲਜ਼, 2007 ਵਿੱਚ ਸੋਧ ਦੀ ਵੀ ਸਹਿਮਤੀ ਦੇ ਦਿੱਤੀ। ਕੈਬਨਿਟ ਨੇ ਪੀ.ਸੀ.ਐਸ. (ਜੂਡੀਸ਼ਅਲ ਬਰਾਂਚ) ਰੂਲਜ਼, 1951 ਵਿੱਚ ਸੋਧ ਨੂੰ ਪ੍ਰਵਾਨ ਕਰ ਕੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ ਆਪਣੇ ਪੱਧਰ ਉਤੇ ਜੂਡੀਸ਼ਅਲ ਅਫ਼ਸਰਾਂ ਦੀ ਭਰਤੀ ਲਈ ਵਿਭਾਗੀ ਪ੍ਰੀਖਿਆ ਕਰਵਾਉਣ ਤੇ ਨੇਮਬੱਧ ਕਰਨ ਦੀ ਪ੍ਰਵਾਨਗੀ ਦੇ ਦਿੱਤੀ। ਕੈਬਨਿਟ ਨੇ ਪੰਜਾਬ ਸੁਪਰੀਅਰ ਜੂਡੀਸ਼ਅਲ ਸੇਵਾ ਵਿੱਚ ਨਿਯੁਕਤੀ/ਤਰੱਕੀ ਲਈ ਘੱਟੋ-ਘੱਟ ਉਮਰ ਬਾਰੇ ਸਪੱਸ਼ਟਤਾ ਲਈ ਪੰਜਾਬ ਸੁਪਰੀਅਰ ਜੂਡੀਸ਼ਲ ਸੇਵਾ ਨਿਯਮ 2007 ਦੇ ਨਿਯਮ 5 ਵਿੱਚ ਸੋਧ ਨੂੰ ਵੀ ਪ੍ਰਵਾਨ ਕਰ ਲਿਆ।

**582 ਵੈਟਰਨਰੀ ਹਸਪਤਾਲਾਂ ਵਿੱਚ ਕੰਮ ਕਰਦੇ 479 ਵੈਟਰਨਰੀ ਫਾਰਮਾਸਿਸਟ ਅਤੇ 472 ਸਫਾਈ ਸੇਵਕਾਂ ਦੀਆਂ ਸੇਵਾਵਾਂ ਵਿੱਚ ਵਾਧਾ**

ਪਸ਼ੂਆਂ ਦੀਆਂ ਬਿਹਤਰ ਸਿਹਤ ਸਹੂਲਤਾਂ ਲਈ ਮੰਤਰੀ ਮੰਡਲ ਨੇ ਸੂਬੇ ਭਰ ਦੇ 582 ਵੈਟਰਨਰੀ ਹਸਪਤਾਲਾਂ ਵਿੱਚ ਕੰਮ ਕਰਦੇ 479 ਵੈਟਰਨਰੀ ਫਾਰਮਾਸਿਸਟ ਅਤੇ 472 ਸਫਾਈ ਸੇਵਕਾਂ ਦੀਆਂ ਸੇਵਾਵਾਂ ਇਕ ਅਪ੍ਰੈਲ, 2024 ਤੋਂ 31 ਮਾਰਚ, 2025 ਤੱਕ ਸਰਵਿਸ ਪ੍ਰੋਵਾਈਡਰ ਵਜੋਂ ਵਧਾਉਣ ਦੀ ਪ੍ਰਵਾਨਗੀ ਦੇ ਦਿੱਤੀ ਹੈ।

**ਕਾਨੂੰਨੀ ਅਤੇ ਵਿਧਾਨਿਕ ਮਾਮਲਿਆਂ ਵਿਭਾਗ ਦੇ ਪੁਨਰਗਠਨ ਨੂੰ ਮਨਜ਼ੂਰੀ**

ਮੰਤਰੀ ਮੰਡਲ ਨੇ ਕਾਨੂੰਨੀ ਅਤੇ ਵਿਧਾਨਿਕ ਮਾਮਲਿਆਂ ਵਿਭਾਗ ਦੇ ਪੁਨਰਗਠਨ ਦੀ ਪ੍ਰਵਾਨਗੀ ਵੀ ਦੇ ਦਿੱਤੀ ਹੈ। ਪੁਨਰਗਠਨ ਦੇ ਤਹਿਤ 11 ਅਸਾਮੀਆਂ ਨੂੰ ਖਤਮ ਕਰਕੇ 9 ਨਵੀਆਂ ਅਸਾਮੀਆਂ ਸਿਰਜੀਆਂ ਗਈਆਂ ਹਨ ਅਤੇ ਮੌਜੂਦਾ 13 ਆਰਜ਼ੀ ਅਸਾਮੀਆਂ ਨੂੰ ਪੱਕੀਆਂ ਅਸਾਮੀਆਂ ਵਿੱਚ ਤਬਦੀਲ ਕਰਨ ਲਈ ਵੀ ਪ੍ਰਵਾਨਗੀ ਦਿੱਤੀ ਗਈ ਹੈ।

**ਮਾਰਕੀਟ ਕਮੇਟੀਆਂ ਭੰਗ ਕਰਨ ਦੀ ਮਿਆਦ ਹੋਰ ਦੋ ਸਾਲ ਵਧਾਈ**

ਮੰਤਰੀ ਮੰਡਲ ਨੇ ਮਾਰਕੀਟ ਕਮੇਟੀਆਂ ਨੂੰ ਭੰਗ ਕਰਨ ਦੀ ਸਮਾਂ-ਸੀਮਾ ਇੱਕ ਸਾਲ ਤੋਂ ਵਧਾ ਕੇ ਹੋਰ ਦੋ ਸਾਲ ਯਾਨੀ 26 ਜੁਲਾਈ, 2025 ਤੱਕ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ ਅਤੇ ਜੇਕਰ ਇਨ੍ਹਾਂ ਮਾਰਕੀਟ ਕਮੇਟੀਆਂ ਦਾ ਇਸ ਵਧੇ ਹੋਏ ਸਮੇਂ ਵਿੱਚ ਮੁੜ ਗਠਨ ਨਹੀਂ ਕੀਤਾ ਜਾਂਦਾ ਹੈ ਤਾਂ ਇਨ੍ਹਾਂ ਦੇ ਪੁਨਰਗਠਨ ਤੱਕ ਸਰਕਾਰ ਵੱਲੋਂ ਨਿਯੁਕਤ ਕੀਤੇ ਗਏ ਪ੍ਰਸ਼ਾਸਕ ਵੱਲੋਂ ਇਨ੍ਹਾਂ ਕਮੇਟੀਆਂ ਦਾ ਕੰਮ ਦੇਖਿਆ ਜਾਵੇਗਾ।

**ਲੋਕ ਨਿਰਮਾਣ ਵਿਭਾਗ ਦੇ ਸੇਵਾ ਨਿਯਮਾਂ ਵਿੱਚ ਸੋਧ ਨੂੰ ਮਨਜ਼ੂਰੀ**

ਮੰਤਰੀ ਮੰਡਲ ਨੇ ਪੰਜਾਬ ਲੋਕ ਨਿਰਮਾਣ ਵਿਭਾਗ (ਇਮਾਰਤਾਂ ਅਤੇ ਸੜਕਾਂ) ਡਰਾਫਟਸਮੈਨ (ਗਰੁੱਪ-ਬੀ) ਸਰਵਿਸ ਰੂਲਜ਼ 2024, ਪੰਜਾਬ ਆਰਕੀਟੈਕਚਰ (ਗਰੁੱਪ-ਸੀ) ਮਨਿਸਟਰੀਅਲ ਸਰਵਿਸਿਜ਼ (ਪਹਿਲੀ ਸੋਧ) ਰੂਲਜ਼ 2024 ਅਤੇ ਪੰਜਾਬ ਪਬਲਿਕ ਵਰਕਸ (ਇਮਾਰਤਾਂ ਅਤੇ ਸੜਕਾਂ ਬ੍ਰਾਂਚ) ਫੀਲਡ ਆਫਿਸ (ਗਰੁੱਪ-ਸੀ ਮਨਿਸਟਰੀਅਲ) ਸਰਵਿਸਿਜ਼ ਰੂਲਜ਼, 2024 ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ ਤਾਂ ਜੋ ਵਿਭਾਗ ਦੇ ਕੰਮਕਾਜ ਨੂੰ ਸੁਚਾਰੂ ਬਣਾਇਆ ਜਾ ਸਕੇ।

**ਜਲ ਸਰੋਤ ਵਿਭਾਗ ਦੇ ਪੁਨਰਗਠਨ ਨੂੰ ਮਨਜ਼ੂਰੀ**

ਮੰਤਰੀ ਮੰਡਲ ਨੇ ਜਲ ਸਰੋਤ ਵਿਭਾਗ ਵਿੱਚ ਸਬ ਡਿਵੀਜ਼ਨਲ ਇੰਜਨੀਅਰ ਦੀਆਂ ਤਿੰਨ ਅਸਾਮੀਆਂ ਖ਼ਤਮ ਕਰਕੇ ਤਹਿਸੀਲਦਾਰਾਂ ਦੀਆਂ ਤਿੰਨ ਅਸਾਮੀਆਂ ਸਿਰਜਣ ਦੀ ਸਹਿਮਤੀ ਵੀ ਦੇ ਦਿੱਤੀ ਹੈ, ਜੋ ਮਾਲ ਵਿਭਾਗ ਤੋਂ ਡੈਪੂਟੇਸ਼ਨ 'ਤੇ ਭਰੀਆਂ ਜਾਣਗੀਆਂ। ਇਹ ਤਹਿਸੀਲਦਾਰ ਵਿਭਾਗ ਦੀਆਂ ਵੱਖ-ਵੱਖ ਸੰਪਤੀਆਂ ਦੀ ਰਾਖੀ, ਅਦਾਲਤ ਵਿੱਚ ਜ਼ਮੀਨ ਨਾਲ ਸਬੰਧਤ ਕੇਸ ਲੜਨ, ਨਿੱਜੀ ਵਿਅਕਤੀਆਂ ਵੱਲੋਂ ਸਰਕਾਰੀ ਜ਼ਮੀਨਾਂ 'ਤੇ ਕੀਤੇ ਨਾਜਾਇਜ਼ ਕਬਜ਼ਿਆਂ ਨੂੰ ਰੋਕਣ, ਮਾਲੀਏ ਨਾਲ ਸਬੰਧਤ ਮਾਮਲੇ, ਵੱਖ-ਵੱਖ ਪ੍ਰਾਜੈਕਟਾਂ ਲਈ ਜ਼ਮੀਨ ਗ੍ਰਹਿਣ ਸਬੰਧੀ ਮਾਮਲਿਆਂ ਨੂੰ ਨਿਪਟਾਉਣਗੇ, ਜ਼ਮੀਨ ਗ੍ਰਹਿਣ ਕਰਨ ਸਬੰਧੀ ਐਵਾਰਡਾਂ ਦੇ ਐਲਾਨ ਨਾਲ ਸਬੰਧਤ ਮਾਮਲੇ ਅਤੇ ਜ਼ਮੀਨ ਗ੍ਰਹਿਣ ਤੇ ਐਵਾਰਡਾਂ ਦੇ ਐਲਾਨ ਦਰਮਿਆਨ ਵਿਵਾਦਾਂ ਦੇ ਨਿਬੇੜੇ ਆਦਿ ਨਾਲ ਸਬੰਧਤ ਮਾਮਲਿਆਂ ਨੂੰ ਦੇਖਣਗੇ।

**ਪੰਜਾਬ ਜਲ ਸਰੋਤ ਵਿਭਾਗ ਜੂਨੀਅਰ ਡਰਾਫਟਸਮੈਨ ਅਤੇ ਸਰਵੇਅਰਜ਼ (ਗਰੁੱਪ ਸੀ) ਸਰਵਿਸ ਰੂਲਜ਼, 2021 ਵਿੱਚ ਸੋਧ ਨੂੰ ਮਨਜ਼ੂਰੀ**

ਮੰਤਰੀ ਮੰਡਲ ਨੇ ਪੰਜਾਬ ਜਲ ਸਰੋਤ ਵਿਭਾਗ ਦੇ ਜੂਨੀਅਰ ਡਰਾਫਟਸਮੈਨ ਅਤੇ ਸਰਵੇਅਰਜ਼ (ਗਰੁੱਪ-ਸੀ) ਸਰਵਿਸ ਰੂਲਜ਼, 2021 ਵਿੱਚ ਸੋਧ ਨੂੰ ਵੀ ਸਹਿਮਤੀ ਦੇ ਦਿੱਤੀ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਜਲ ਸਰੋਤ ਵਿਭਾਗ ਦੇ ਜੂਨੀਅਰ ਡਰਾਫਟਸਮੈਨ ਅਤੇ ਸਰਵੇਅਰਜ਼ (ਗਰੁੱਪ-ਸੀ) ਦੀ ਭਰਤੀ ਲਈ ਉਮੀਦਵਾਰ, ਜਿਨ੍ਹਾਂ ਕੋਲ 2 ਸਾਲਾਂ ਦਾ ਨੈਸ਼ਨਲ ਟਰੇਡ ਸਰਟੀਫਿਕੇਟ ਅਤੇ ਸਿਵਲ ਜਾਂ ਮਕੈਨੀਕਲ ਇੰਜਨੀਅਰਿੰਗ ਦੀ ਡਿਗਰੀ ਹੋਵੇ, ਨੂੰ ਯੋਗ ਮੰਨਿਆ ਜਾਵੇਗਾ ਬਸ਼ਰਤੇ ਕਿ ਕਿਸੇ ਵੀ ਸੰਭਾਵੀ ਉਮੀਦਵਾਰ ਨੂੰ ਉੱਚ ਯੋਗਤਾ ਦਾ ਲਾਭ ਨਾ ਦਿੱਤਾ ਗਿਆ ਹੋਵੇ।




# 'ਲਿਟਰੇਰੀ ਰਿਫਲੈੱਕਸ਼ਨਜ਼' ਨੇ ਅੰਤਰਰਾਸ਼ਟਰੀ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਬਾਰੇ ਕਰਵਾਇਆ ਸੈਮੀਨਾਰ

## ਸੈਮੀਨਾਰ ਦੇ ਮੁੱਖ-ਬੁਲਾਰੇ ਡਾ. ਕੁਲਦੀਪ ਸਿੰਘ, ਪ੍ਰੋ. ਬਾਵਾ ਸਿੰਘ, ਨਿਰਲੇਪ ਸਿੰਘ ਗਿੱਲ ਤੇ ਕੁਮਾਰੀ ਐੱਮ.ਸੁੰਦਰ ਸਿੰਘ ਸਨ




ਬਰੈਂਪਟਨ, (ਡਾ. ਝੰਡ) -ਜੀਟੀਏ ਦੀ ਲਿਟਰੇਰੀ ਤੇ ਸੱਭਿਆਚਾਰਕ ਸੰਸਥਾ 'ਲਿਟਰੇਰੀ ਰਿਫਲੈੱਕਸ਼ਨਜ਼ ਵੱਲੋਂ ਲੰਘੇ ਸ਼ਨੀਵਾਰ 10 ਅਗੱਸਤ ਨੂੰ ਬਰੈਂਪਟਨ ਦੇ 'ਪੰਜਾਬੀ ਭਵਨ' ਵਿਖੇ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਸੈਮੀਨਾਰ ਦਾ ਆਯੋਜਨ ਕਿਤਾ ਗਿਆ। ਸੈਮੀਨਾਰ ਦਾ ਆਰੰਭ ਕਰਦੇ ਹੋਏ ਸੰਸਥਾ ਦੀ ਕਨਵੀਨਰ ਸੁਰਜੀਤ ਕੌਰ ਟੋਰਾਂਟੋ ਨੇ ਇਸ ਸੰਸਥਾ ਦੇ ਉਦੇਸ਼ਾਂ ਅਤੇ ਸਰਗਰਮੀਆਂ ਬਾਰੇ ਜਾਣਕਾਰੀ ਸਾਂਝੀ ਕਰਨ ਉਪਰੰਤ ਸਟੇਜ 'ਓਮਨੀ ਟੀ.ਵੀ.' ਦੀ ਪੱਤਰਕਾਰ ਬੀਬਾ ਲਵੀਨ ਗਿੱਲ ਦੇ ਹਵਾਲੇ ਕਰ ਦਿੱਤੀ ਜਿਸ ਨੇ ਪ੍ਰੋ. ਜਗੀਰ ਸਿੰਘ ਕਾਹਲੋਂ ਨੂੰ ਸੈਮੀਨਾਰ ਦੇ ਬੁਲਾਰਿਆਂ ਬਾਰੇ ਜਾਣਕਾਰੀ ਦੇਣ ਲਈ ਕਿਹਾ।

ਪ੍ਰੋ. ਕਾਹਲੋਂ ਨੇ ਦੱਸਿਆ ਕਿ ਪਿਛਲੇ ਕੁਝ ਸਾਲਾਂ ਤੋਂ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਕਈ ਕਿਸਮਦੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਨ੍ਹਾਂ ਵਿਚ ਕਈ ਕਾਲਜਾਂ ਬੰਦ ਕਰਕੇ ਵਿਦਿਆਰਥੀਆਵਾਂ ਨੂੰ ਦੇਸ਼-ਨਿਕਾਲਾ ਦੇਣਾ, ਫ਼ੀਸਾਂ ਵਿਚ ਵਾਧਾ ਕਰਨਾ, ਵਿਦਿਆਰਥੀਆਵਾਂ ਨੂੰ ਨਿਰਧਾਰਿਤ ਕੰਮ ਨਾ ਮਿਲਣਾ, ਰਿਹਾਇਸ਼ੀ ਦਿੱਕਤਾਂ ਅਤੇ ਪਿੱਛੇ ਮਾਪਿਆਂ ਵੱਲੋਂ ਡਾਲਰਾਂ ਦੀ ਮੰਗ, ਆਦਿ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦਿੱਕਤਾਂ ਕਾਰਨ ਕਈ ਵਿਦਿਆਰਥੀ ਡਿਪਰੈੱਸ਼ਨ ਵਿਚ ਚਲੇ ਜਾਂਦੇ ਹਨ। ਉਨ੍ਹਾਂ ਵਿੱਚੋਂ ਕਈ ਖ਼ੁਦਕਸ਼ੀਆਂ ਕਰ ਜਾਂਦੇ ਹਨ ਅਤੇ ਕਈ ਦਿਲ ਦੀਆਂ ਭਿਆਨਕ ਬੀਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਡਾ. ਕੁਲਦੀਪ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚੋਂ ਬਤੌਰ ਪ੍ਰੋਫ਼ੈਸਰ ਸੇਵਾ-ਮੁਕਤ ਹੋਏ ਹਨ, ਪ੍ਰੋ. ਬਾਵਾ ਸਿੰਘ ਪੰਜਾਬ ਦੇ ਕਾਲਜਾਂ ਵਿਚ ਅੰਗਰੇਜ਼ੀ ਪੜ੍ਹਾਉਂਦੇ ਰਹੇ ਹਨ ਅਤੇ ਭਾਰਤ ਸਰਕਾਰ ਦੇ ਘੱਟ ਗਿਣਤੀ ਦੇ ਉਪ-ਚੇਅਰਮੈਨ ਰਹੇ ਹਨ। ਤੀਸਰੇ ਬੁਲਾਰੇ ਨਿਰਲੇਪ ਸਿੰਘ ਗਿੱਲ ਪੰਜਾਬੀ ਕਮਿਊਨਿਟੀ ਹੈੱਲਥ ਸਰਵਿਸਿਜ਼ ਵਿਚ ਬਤੌਰ ਕਾਊਂਸਲਰ ਕੰਮ ਕਰ ਰਹੇ ਹਨ ਤੇ ਜੇਲ੍ਹਾਂ ਵਿਚ ਬੰਦ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਕਾਊਂਸਲਿੰਗ ਕਰਦੇ ਹਨ ਅਤੇ ਚੌਥੇ ਬੁਲਾਰੇ ਕੁਮਾਰੀ ਐੱਮ. ਸੁੰਦਰ ਸਿੰਘ ਪਿਛਲੇ ਲੰਮੇਂ ਸਮੇਂ ਤੋਂ ਕੈਨੇਡਾ ਵਿਚ ਇੱਕ ਐੱਨ.ਜੀ.ਓ. ਚਲਾ ਰਹੇ ਹਨ ਜੋ ਔਰਤਾਂ ਦੇ ਮੁੜ-ਵਸੇਬੇ ਬਾਰੇ ਕਾਰਜਸ਼ੀਲ ਹੈ।

ਪਹਿਲੇ ਬੁਲਾਰੇ ਡਾ. ਕੁਲਦੀਪ ਸਿੰਘ ਨੇ ਦੱਸਿਆ ਕਿ ਪੰਜਾਬ ਵਿਚ ਗੁਣਵੰਤਾ ਸਿੱਖਿਆ ਦੀ ਘਾਟ ਅਤੇ ਬੇਰੋਜ਼ਗਾਰੀ ਕਾਰਨ ਬਹੁਤੇ ਪੰਜਾਬੀ ਵਿਦਿਆਰਥੀ ਵਿਦੇਸ਼ਾਂ ਦਾ ਰੁਖ਼ ਕਰਦੇ ਹਨ, ਕਿਉਂਕਿ ਉਨ੍ਹਾਂ ਨੂੰ ਉੱਥੇ ਆਪਣਾ ਭਵਿੱਖ ਹਨੇਰਾ ਦਿਖਾਈ ਦਿੰਦਾ ਹੈ। ਦੂਸਰੇ ਬੁਲਾਰੇ ਪ੍ਰੋ. ਬਾਵਾ ਸਿੰਘ ਨੇ ਸਮੁੱਚੇ ਪਰਵਾਸ ਬਾਰੇ ਗੱਲ ਕਰਦਿਆਂ ਦੱਸਿਆ ਕਿ 19'ਵੀਂ ਸਦੀ ਦੇ ਅੰਤ ਤੇ 20'ਵੀਂ ਦੇ ਆਰੰਭ ਵਿਚ ਪੰਜਾਬ ਵਿਚ ਪਏ ਅਕਾਲ਼ਾਂ ਅਤੇ ਜ਼ਮੀਨਾਂ ਦੇ ਨਕਦ ਮਾਮਲੇ ਨਾ ਦੇ ਸਕਣ ਕਾਰਨ ਪੰਜਾਬੀਆਂ ਨੇ ਬਾਹਰਲੇ ਦੇਸ਼ਾਂ ਵੱਲ ਰੁਖ਼ ਕੀਤਾ। ਜਦੋਂ ਪੰਜਾਬ ਵਿਚ ਚੰਗੇਰਾ ਭਵਿੱਖ ਨਾ ਦਿਸਿਆ ਤਾਂ ਵਿਦਿਆਰਥੀ ਖ਼ਾਸ ਕਰਕੇ ਵਿਦੇਸ਼ਾਂ ਵੱਲ ਰੁਚਿਤ ਹੋਏ ਜਿਨ੍ਹਾਂ ਵਿੱਚੋਂ ਬਹੁ-ਗਿਣਤੀ ਕੈਨੇਡਾ ਵਿਚ ਪਹੁੰਚੀ ਅਤੇ ਹੁਣ ਇੱਥੇ ਸਮੱਸਿਆਵਾਂ ਦਾ ਸਾਹਮਣਾ ਕਰ ਰਹੀ ਹੈ। ਉਨ੍ਹਾਂ ਦੀ ਹਰ ਪੱਧਰ 'ਤੇ ਲੁੱਟ ਹੋ ਰਹੀ ਹੈ ਜਿਸ ਵਿਚ ਕੰਮਾਂ ਦੀ ਘਾਟ ਕਰਕੇਉਨ੍ਹਾਂ ਕੋਲੋਂ ਘੱਟ ਉਜਰਤ 'ਤੇ ਕੰਮ ਕਰਵਾਉਣਾ ਅਤੇ ਕੰਮ ਕਰਵਾ ਕੇ ਪੈਸੇ ਨਾ ਦੇਣਾ, ਆਦਿ ਸ਼ਾਮਲ ਹਨ।

ਤੀਸਰੇ ਬੁਲਾਰੇ ਨਿਰਲੇਪ ਸਿੰਘ ਗਿੱਲ ਨੇ ਦੱਸਿਆ ਕਿ ਬਹੁਤ ਸਾਰੇ ਅੰਤਰਰਾਸ਼ਟਰੀ ਵਿਦਿਆਰਥੀ




ਕਰਾਈਮ, ਡਰੱਗ, ਚੋਰੀ, ਆਦਿ ਮਾਮਲਿਆਂ ਵਿਚ ਸ਼ਾਮਲ ਹੋਣ ਕਰਕੇ ਜੇਲਾਂ ਵਿਚ ਬੰਦ ਹਨ। ਉਨ੍ਹਾਂ ਉੱਪਰ ਕਈ ਕਈ ਦੋਸ਼ ਆਇਦ ਹਨ ਅਤੇ ਉਨ੍ਹਾਂ ਕੋਲ ਹੁਣ ਕੋਈ ਵੀ ਲੋੜੀਂਦੇ ਦਸਤਾਵੇਜ਼ ਨਹੀਂ ਹਨ। ਉਨ੍ਹਾਂ ਕੋਲ ਦੇਸ਼ ਵਾਪਸ ਪਰਤਣ ਤੋਂ ਬਿਨਾਂ ਕੋਈ ਚਾਰਾ ਨਹੀਂ ਹੈਜਿਸ ਦੇ ਲਈ ਉਹ ਮਾਨਸਿਕ ਤੌਰ 'ਤੇ ਤਿਆਰ ਨਹੀਂ ਹਨ। ਮਾਪਿਆਂ ਵੱਲੋਂ ਭੇਜਣ ਲੱਗਿਆਂ ਉਨ੍ਹਾਂ ਨੂੰ ਮਾਨਸਿਕ ਤੌਰ 'ਤੇ ਤਿਆਰ ਨਹੀਂ ਕੀਤਾ ਗਿਆ ਜਿਸ ਦੇਨਤੀਜੇ ਵਜੋਂ ਉਹ ਇੱਥੋਂ ਦੇ ਕਾਨੂੰਨ ਅਤੇ ਹੋਰ ਨਿਯਮਾਂ ਤੋਂ ਜਾਣੂੰ ਨਹੀਂ ਹਨ। ਸੈਮੀਨਾਰ ਦੇ ਆਖ਼ਰੀ ਬੁਲਾਰੇ ਕੁਮਾਰੀ ਸੁੰਦਰ ਸਿੰਘ ਨੇ ਇਕ ਵਿਦਿਆਰਥਣ ਦੀ ਦਰਦ-ਭਰੀ ਵਿਥਿਆ ਦੱਸਦਿਆਂ ਕਿਹਾ ਕਿ ਉਸ ਦੇ ਕੰਮ ਵਾਲੀ ਥਾਂ 'ਤੇ ਉਸ ਦਾ ਮਾਲਕ ਉਸ ਨੂੰ ਜਾਣ ਬੁੱਝ ਕੇ ਰਾਤ ਦੀ ਸ਼ਿਫ਼ਟਦਾ ਕੰਮ ਦਿੰਦਾ ਹੈ ਅਤੇ ਆਨੇ-ਬਹਾਨੇ ਉਸ ਨੂੰ "ਆਖੇ ਲੱਗਣ" ਲਈ ਕਹਿੰਦਾ ਹੈ ਅਤੇ ਇਸ ਬਦਲੇ ਉਸ ਨੂੰ ਚੋਖੇ ਡਾਲਰਾਂ ਦੀ ਪੇਸ਼ਕਸ਼ ਵੀ ਕਰਦਾ ਹੈ।ਉਸ ਦੇ "ਆਖੇ ਲੱਗਣ" ਦੀ ਥਾਂ ਉਹ ਵਿਦਿਆਰਥਣ ਕੁਮਾਰੀ ਸੁੰਦਰ ਸਿੰਘ ਦੀ ਸਲਾਹ ਲੈਂਦੀ ਅਤੇ ਇਨ੍ਹਾਂ ਦੀ ਸੰਸਥਾ ਉਸ ਨੂੰ ਹੋਰ ਕੰਮ ਲੱਭ ਕੇ ਦਿੰਦੀ ਹੈ। ਉਹ ਹੋਰ ਲੜਕੀਆਂ ਨੂੰ ਵੀ ਸਲਾਹ ਦਿੰਦੀ ਹੈ ਕਿ ਉਹ ਇੱਥੇ ਕੋਈ ਸਿਖਲਾਈ ਲੈ ਕੇ ਉਸ ਕੰਮ ਵਿਚ ਤਾਕ ਹੋ ਜਾਣ ਤਾਂ ਹੀ ਉਹ ਕੈਨੇਡਾ ਵਿਚ ਸਵੈਮਾਣ ਦਾ ਜੀਵਨ ਜੀਅਸਕਦੀਆਂ ਹਨ।

ਪ੍ਰਸ਼ਨ-ਉੱਤਰ ਸੈਸ਼ਨ ਵਿਚ ਪ੍ਰੋ. ਇੰਦਰਦੀਪ ਸਿੰਘ, ਹੀਰਾ ਸਿੰਘ ਹੰਸਪਾਲ, ਡਾ. ਲਖਵਿੰਦਰ ਸਿੰਘ,ਡਾ. ਹਰਦੀਪ ਸਿੰਘ ਅਟਵਾਲ, ਪ੍ਰੋ. ਅਤੈ ਸਿੰਘ, ਨਾਹਰ ਸਿੰਘ ਔਜਲਾ, ਬਲਜੀਤ ਸਿੰਘ ਸਿਕੰਦ, ਭੁਪਿੰਦਰ ਸਿੰਘ ਧਾਲੀਵਾਲ ਸਮੇਤ ਕਈਆਂ ਵੱਲੋਂ ਸੁਆਲ ਕੀਤੇ ਗਏ ਜਿਨ੍ਹਾਂ ਦੇ ਬੁਲਾਰਿਆਂ ਵੱਲੋਂ ਢੁਕਵੇਂ ਉੱਤਰ ਦਿੱਤੇ ਗਏ। ਵਿਦਿਆਰਥੀ ਜਥੇਬੰਦੀ ਆਗੂ ਬਿਕਰਮ ਸਿੰਘ ਕੁੱਲੇਵਾਲ ਆਪਣੇ ਸਾਥੀਆਂ ਨਾਲ ਇਸ ਸੈਮੀਨਾਰ ਵਿਚ ਸ਼ਾਮਲ ਹੋਏ। ਉਨ੍ਹਾਂ ਨੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਜਿਨ੍ਹਾਂ ਦੇ ਕੋਈ ਯੋਗ ਹੱਲ ਨਹੀਂ ਲੱਭੇ ਜਾ ਰਹੇ, ਦੇ ਸਮਾਧਾਨਲਈ ਉਨ੍ਹਾਂ ਵੱਲੋਂਕੀਤੇ ਜਾ ਰਹੇ ਸੰਘਰਸ਼ ਬਾਰੇ ਦੱਸਿਆ। ਇਸ ਦੌਰਾਨ ਡਾ. ਸੁਖਦੇਵ ਸਿੰਘ ਝੰਡ ਨੇ ਸੈਮੀਨਾਰ 'ਤੇ ਟਿੱਪਣੀ ਕਰਦੇ ਹੋਏ ਕਿਹਾ ਕਿ ਜੋ ਵਿਦਿਆਰਥੀ ਇਸ ਸਮੇਂ ਕੈਨੇਡਾ ਆ ਚੁੱਕੇ ਹਨ ਅਤੇ ਆਪਣੀ ਪੜ੍ਹਾਈ ਪੂਰੀ ਕਰ ਚੁੱਕੇ ਹਨ, ਉਨ੍ਹਾਂ ਨੂੰ ਵਾਪਸ ਨਹੀਂ ਭੇਜਿਆ ਜਾਣਾ ਚਾਹੀਦਾ, ਕਿਉਂਕਿ ਕੈਨੇਡਾ ਨੂੰ ਪੜ੍ਹੀ ਲਿਖੀ 'ਵਰਕ-ਫੋਰਸ' ਦੀ ਕਾਫ਼ੀ ਜ਼ਰੂਰਤ ਹੈ ਜਿਸ ਦੇ ਲਈ ਸਰਕਾਰ ਵੱਲੋਂ ਪਿਛਲੇ ਕੁਝ ਸਾਲਾਂ ਵਿਚ ਵੱਡੀ ਗਿਣਤੀ ਵਿਚ ਸਟੂਡੈਂਟ-ਵੀਜ਼ੇ ਜਾਰੀ ਕੀਤੇ ਗਏ ਸਨ।

ਸੈਮੀਨਾਰ ਵਿਚ ਸ਼ਾਮਲ ਹੋਣ ਵਾਲਿਆਂ ਵਿਚ ਪ੍ਰੋ. ਕਸ਼ਮੀਰ ਸਿੰਘ ਨਾਗੀ, ਪ੍ਰੋ. ਸਿਕੰਦਰ ਸਿੰਘ ਗਿੱਲ, ਪ੍ਰਿੰਸੀਪਲ ਸੁਖਚਰਨਜੀਤ ਕੌਰ ਗਿੱਲ, ਪ੍ਰੋ. ਪਰਮਜੀਤ ਸਿੰਘ ਯਾਰਕ ਯੂਨੀਵਰਸਿਟੀ, ਡਾ. ਦਲਬੀਰ ਸਿੰਘ ਕਥੂਰੀਆ, ਹਰਜੀਤ ਸਿੰਘ ਗਿੱਲ, ਰੰਗ-ਕਰਮੀ ਸੀਰਤਪਾਲ ਕੌਰ, ਭੁਪਿੰਦਰ ਸਿੰਘ ਧਾਲੀਵਾਲ, ਡਾ. ਕੰਵਲਜੀਤ ਕੌਰ ਢਿੱਲੋਂ, ਰਮਿੰਦਰ ਰੰਮੀ, ਕੁਮਾਰੀ ਨਿਰਮਲਾ ਫਿਲੌਰ, ਬਲਦੇਵ ਸਿੰਘ ਬਰਾੜ ਤੇ ਕਈ ਹੋਰ ਸ਼ਾਮਲ ਸਨ, ਜਦਕਿ ਜੰਗ ਸਿੰਘ ਪਨਾਗ, ਗੁਰਮੀਤ ਪਨਾਗ, ਸਰਬਜੀਤ ਕਾਹਲੋਂ, ਕੁਮਾਰੀ ਅਨੂੰ ਫਿਲੌਰ ਨੇ ਪ੍ਰਬੰਧਕੀ ਕਾਰਜਾਂ ਵਿਚ ਹਿੱਸਾ ਪਾਇਆ। ਇਸ ਦੌਰਾਨ ਮਾਡਰੇਟਰ ਦੀ ਅਹਿਮ ਭੂਮਿਕਾ ਲਵੀਨ ਗਿੱਲ ਵੱਲੋਂ ਬਾਖ਼ੂਬੀ ਨਿਭਾਈ ਗਈ ਅਤੇ ਸੈਮੀਨਾਰ ਦੇ ਬੁਲਾਰਿਆਂ ਅਤੇ ਸਰੋਤਿਆਂ ਦਾ ਧੰਨਵਾਦ ਸੁਰਜੀਤ ਕੌਰ ਵੱਲੋਂ ਕੀਤਾ ਗਿਆ। ਸੈਮੀਨਾਰ ਦੇ ਆਯੋਜਨ ਲਈ'ਵਿਸ਼ਵ ਪੰਜਾਬੀ ਭਵਨ' ਦੇਣ ਲਈ ਉਨ੍ਹਾਂ ਡਾ. ਦਲਬੀਰ ਸਿੰਘ ਦਾ ਵਿਸ਼ੇਸ਼ ਧੰਨਵਾਦ ਕੀਤਾ।







LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate of Excellence THREE BEST RATED

SAFE, RELIABLE AND EFFICIENT SERVICE AT THE BEST RATES

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com

CALL JAG FOR A QUICK & FREE HOME EVALUATION
www BramptonTopRealtor.com www BramptonTopAgent.com

URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

LISTED IN *BRAMPTON*
TORBRAM/ FATHER TOBIN/MOUNTAINASH



1500–2000 sq.ft.
Front Brick and Stone
3+1 ਬੈਡਰੂਮ + 3 ਵਾਸ਼ਰੂਮ, ਫਰੀਹੋਲਡ ਟਾਊਨ ਹਾਊਸ, ਓਕ ਸਟੇਅਰਕੇਸ, ਹਾਰਡਵੁੱਡ ਅਤੇ ਸੀਰਾਮਿਕ ਫਲੋਰ, ਸ਼ਾਨਦਾਰ ਕਿਚਨ ਮਾਸਟਰ ਬੈਡਰੂਮ ਵਿਚ 5 ਪੀਸ ਇਨਸੂਇਟ ਅਤੇ ਵਾਕ ਇਨ ਕਲੋਜਿਟ, ਨਿਊਂ ਅਪਲਾਂਇਸਿਸ

LISTED IN *BRAMPTON*
BRAMALEA/ SANDALWOOD/DEWSIDE




2000–2500 sq.ft. ਟਾਊਨ ਹਾਊਸ
4+1 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Partially ਫਿਨੀਸ਼ਡ ਬੇਸਮੇਂਟ ਵਿੱਚ ਵਾਇਨਲ ਫਲੋਰ।
Master ਬੈਡਰੂਮ ਵਿੱਚ 5 ਪੀਸ ਇਨਸੂਇਟ ਅਤੇ His & Her ਕਲੋਜਿਟ, Laundary ਮੇਨ ਫਲੋਰ ਤੇ। ਅੱਪਗਰੇਡਿਡ Lights.
ਸਹੂਲਤਾਂ ਦੇ ਬਹੁਤ ਨੇੜੇ।

LISTED IN *MISSISSAUGA*
BURNHAMTHORPE/CONFEDERATION



900–999 sq.ft. ਲੇਕ ਵਿਊ
2 ਬੈਡਰੂਮ + 1 ਵਾਸ਼ਰੂਮ
ਵੱਡੀਆਂ ਕੀਚਨ ਕੈਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, ਬਹੁਤ ਖੁਲੀ ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One + Celebration Square, Grand Park Plaza, Sheridan College Campus.

LISTED IN *CAMBRIDGE*
SPEEDSVILLE RD/ EQUESTRAIN WAY/MAPLE GROVE



1500–2000 sq.ft. ਟਾਊਨ ਹਾਊਸ
4 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Upgraded ਕੀਚਨ,
Stainless Steel Appliacnes
ਬੈਡਰੂਮ ਵਿੱਚ 4 ਪੀਸ ਇਨਸੂਇਟ ਅਤੇ Walk-in ਕਲੋਜਿਟ, Laundary ਮੇਨ ਫਲੋਰ ਤੇ। ਅੱਪਗਰੇਡਿਡ Lights.
ਸਹੂਲਤਾਂ ਦੇ ਬਹੁਤ ਨੇੜੇ।

FREE
- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN
International
CIRCUS
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA